Title code : CHAMUL00914 | E-mail : Info@paigamejagat.com | ਬੁੱਧਵਾਰ, 25 ਨਵੰਬਰ 2026, ਸਾਲ-4, ਅੰਕ-16, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

PAIGAM-E-JAGAT
ਪੈ.ਗਾਮ-ਏ-ਜਗਤ



ਕਾਸ਼ੀ ਵਿੱਚ ਦੇਵ ਦੀਵਾਲੀ

11 ਲੱਖ ਮਿੱਟੀ ਦੇ ਦੀਵਿਆਂ ਨਾਲ ਜਗਮਗਾਇਆ ਸ਼ਹਿਰ

2,100 ਡਰੋਨਾਂ ਰਾਹੀਂ ‘ਸ਼ਿਵ ਲੀਲਾ’ ਦਾ ਪ੍ਰਦਰਸ਼ਨ

- 40 ਦੇਸ਼ਾਂ ਤੋਂ ਪਹੁੰਚੇ ਸੈਲਾਨੀਆਂ ਨੇ ਇਸ ਸਮਾਗਮ ਨੂੰ ‘ਕਲਪਨਾ ਤੋਂ ਪਰੇ’ ਦੱਸਿਆ

ਅਮਰਮਣੀ, 24 ਨਵੰਬਰ
(ਪੈ.ਗਾਮ-ਏ-ਜਗਤ)

ਕਾਸ਼ੀ ਵਿੱਚ ਦੇਵ ਦੀਵਾਲੀ ਮਨਾਈ ਜਾ ਰਹੀ ਹੈ। 2,100 ਡਰੋਨਾਂ ਦੀ ਮਦਦ ਨਾਲ 'ਸ਼ਿਵ ਲੀਲਾ' ਨੂੰ ਦਰਸਾਇਆ ਗਿਆ, ਜਿਸ ਵਿੱਚ ਭਗਵਾਨ ਸ਼ਿਵ ਦੇ ਗਲੇ ਵਿੱਚ ਸੱਪ ਅਤੇ ਹੱਥ ਵਿੱਚ ਤ੍ਰਿਸ਼ੂਲ ਦਿਖਾਈ ਦਿੱਤਾ, ਅਤੇ ਨਾਲ ਹੀ ਉਨ੍ਹਾਂ ਦੀਆਂ ਜਟਾਵਾਂ ਵਿੱਚੋਂ ਮਾਂ ਗੰਗਾ ਪ੍ਰਗਟ ਹੁੰਦੀ ਨਜ਼ਰ ਆਈ।

ਇਸ ਤੋਂ ਪਹਿਲਾਂ, ਸੈਰ-ਸਪਾਟਾ ਮੰਤਰੀ ਜੈਵੀਰ ਸਿੰਘ ਨੇ 'ਨਮੋ ਘਾਟ' 'ਤੇ ਪਹਿਲਾ ਰਸਮੀ ਦੀਵਾ ਜਗਾਇਆ। ਇਸ ਤੋਂ ਬਾਅਦ, 84 ਘਾਟਾਂ 'ਤੇ ਲਗਭਗ 11 ਲੱਖ ਮਿੱਟੀ ਦੇ ਦੀਵੇ ਜਗਾਏ ਗਏ, ਜਿਸ ਨਾਲ ਪੂਰਾ ਇਲਾਕਾ ਜਗਮਗਾ ਉੱਠਿਆ। ਇਸ ਤੋਂ ਬਾਅਦ ਹੋਈ ਗੰਗਾ ਆਰਤੀ ਦੌਰਾਨ ਲਗਭਗ ਪੰਜ ਮਿੰਟ ਤੱਕ ਆਤਿਸ਼ਬਾਜ਼ੀ ਵੀ ਕੀਤੀ ਗਈ। ਦੇਵ ਦੀਵਾਲੀ ਦੇਖਣ ਲਈ 40 ਦੇਸ਼ਾਂ ਤੋਂ ਮਹਿਮਾਨ ਕਾਸ਼ੀ ਪਹੁੰਚੇ ਹਨ, ਅਤੇ ਕੁੱਲ ਮਿਲਾ ਕੇ 15 ਲੱਖ ਸੈਲਾਨੀ ਸ਼ਹਿਰ ਵਿੱਚ ਆਏ ਹਨ। ਕਾਸ਼ੀ (ਬਾਕੀ ਸਫ਼ਾ 2 'ਤੇ)



ਅਕਾਲੀ-ਭਾਜਪਾ ਦਾ ਹੋਇਆ ਗੱਠਜੋੜ

ਇਹ ਸਿਰਫ਼ ਸਿਆਸੀ ਗਠਜੋੜ ਨਹੀਂ ਸਗੋਂ ਨਹੁੰ-ਮਾਸ ਦਾ ਰਿਸ਼ਤਾ: ਸੁਖਬੀਰ ਸਿੰਘ ਬਾਦਲ

- ਵੱਡੇ ਭਰਾ ਦੀ ਭੂਮਿਕਾ ਨਿਭਾਏਗਾ ਅਕਾਲੀ ਦਲ

ਚੰਡੀਗੜ੍ਹ, 24 ਨਵੰਬਰ
(ਪੈ.ਗਾਮ-ਏ-ਜਗਤ)

ਪੰਜਾਬ ਦੀ ਸਿਆਸਤ ਵਿੱਚ ਇੱਕ ਵੱਡਾ ਫੇਰਬਦਲ ਕਰਦਿਆਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਸ਼ੁਭ ਮੌਕੇ 'ਤੇ ਅੱਜ ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ (ਭਾਜਪਾ) ਵਿਚਾਲੇ ਮੁੜ ਗੱਠਜੋੜ ਦਾ ਰਸਮੀ ਐਲਾਨ ਕਰ ਦਿੱਤਾ ਗਿਆ ਹੈ।

ਨਵੀਂ ਦਿੱਲੀ ਵਿਖੇ ਹੋਈ ਇੱਕ ਅਹਿਮ ਪ੍ਰੈੱਸ ਕਾਨਫ਼ਰੰਸ ਦੌਰਾਨ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਇਸ ਸਾਂਝ ਦਾ ਐਲਾਨ ਕੀਤਾ ਗਿਆ। ਇਸ ਮੌਕੇ ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਬੀਨ ਅਤੇ ਪੰਜਾਬ ਭਾਜਪਾ ਤੇ ਸ਼੍ਰੋਮਣੀ ਅਕਾਲੀ ਦਲ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੀ।

ਗੱਠਜੋੜ ਦੇ ਐਲਾਨ ਮੌਕੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਐਲਾਨ ਕੀਤਾ ਕਿ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਹੀ 'ਵੱਡੇ ਭਰਾ' ਦੀ ਭੂਮਿਕਾ ਵਿੱਚ ਰਹੇਗਾ। ਜਦੋਂ ਅਮਿਤ ਸ਼ਾਹ ਨੂੰ ਆਗਾਮੀ ਵਿਧਾਨ ਸਭਾ ਚੋਣਾਂ ਲਈ ਗੱਠਜੋੜ ਦੇ ਮੁੱਖ ਮੰਤਰੀ ਦੇ ਚਿਹਰੇ ਬਾਰੇ ਸਵਾਲ ਪੁੱਛਿਆ ਗਿਆ ਤਾਂ ਉਨ੍ਹਾਂ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ 'ਵੱਡਾ ਭਰਾ ਹੀ ਮੁੱਖ ਮੰਤਰੀ ਦਾ ਚਿਹਰਾ ਹੁੰਦਾ ਹੈ।' ਉਨ੍ਹਾਂ ਦੇ ਇਸ ਬਿਆਨ ਨਾਲ ਇਹ ਸਾਫ਼ ਹੋ ਗਿਆ ਹੈ ਕਿ ਸੂਬੇ ਵਿੱਚ ਗੱਠਜੋੜ ਦੀ ਅਗਵਾਈ ਅਕਾਲੀ ਦਲ ਹੀ ਕਰੇਗਾ।

ਗੱਠਜੋੜ ਦੀ ਅਹਿਮੀਅਤ 'ਤੇ ਜ਼ੋਰ ਦਿੰਦਿਆਂ ਗ੍ਰਹਿ ਮੰਤਰੀ ਸ਼ਾਹ ਨੇ ਕਿਹਾ ਕਿ ਅਕਾਲੀ ਦਲ ਦੇ ਮੁੜ ਨਾਲ ਆਉਣ ਨਾਲ ਕਿਸਾਨਾਂ ਦੇ ਮੁੱਦਿਆਂ ਨੂੰ ਹੱਲ ਕਰਨ ਅਤੇ ਹਿੰਦੂ-ਸਿੱਖ ਏਕਤਾ ਨੂੰ ਹੋਰ ਅੱਗੇ ਵਧਾਉਣ ਦੇ ਭਾਜਪਾ ਦੇ ਵਾਅਦੇ ਨੂੰ ਵੱਡੀ ਮਜ਼ਬੂਤੀ ਮਿਲੇਗੀ।

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਇਸ ਸਾਂਝ ਨੂੰ ਮਹਿਜ਼ ਸਿਆਸੀ ਸਮਝੌਤਾ ਨਾ ਦੱਸਦਿਆਂ 'ਨਹੁੰ-ਮਾਸ ਦਾ ਰਿਸ਼ਤਾ' ਕਰਾਰ ਦਿੱਤਾ ਹੈ। ਆਪਣੇ ਸੰਬੋਧਨ ਦੀ ਸ਼ੁਰੂਆਤ ਕਰਦਿਆਂ ਉਨ੍ਹਾਂ ਸਭ ਤੋਂ ਪਹਿਲਾਂ ਸਮੂਹ ਸੰਗਤ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ (ਬਾਕੀ ਸਫ਼ਾ 2 'ਤੇ)



ਕਰਤਾਪੁਰ ਸਾਹਿਬ ਤੇ ਬੰਦੀ ਸਿੰਘਾਂ ਬਾਰੇ ਕੋਈ ਸਾਰਥਕ ਅਤੇ ਯੋਗ ਰਸਤਾ ਕੱਢਿਆ ਜਾਵੇਗਾ : ਅਮਿਤ ਸ਼ਾਹ



ਇਸ ਦੌਰਾਨ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਰਤਾਪੁਰ ਸਾਹਿਬ ਲਾਂਘੇ (ਕੋਰੀਡੋਰ) ਬਾਰੇ ਬੋਲਦਿਆਂ ਕਿਹਾ ਕਿ ਇਹ ਪਵਿੱਤਰ ਰਸਤਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਯਤਨਾਂ ਨਾਲ ਹੀ ਤਿਆਰ ਹੋਇਆ ਸੀ। ਉਨ੍ਹਾਂ ਦੱਸਿਆ ਕਿ ਆਪਰੇਸ਼ਨ ਸਿੰਦੂਰ ਤੋਂ ਬਾਅਦ ਰਾਸ਼ਟਰੀ ਸੁਰੱਖਿਆ ਨਾਲ ਜੁੜੇ ਕਾਰਨਾਂ ਕਰ ਕੇ ਇਸ ਨੂੰ ਅਸਥਾਈ ਤੌਰ 'ਤੇ ਬੰਦ ਕੀਤਾ ਗਿਆ ਸੀ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਜਿਵੇਂ ਹੀ ਸੁਰੱਖਿਆ ਨਾਲ ਜੁੜੀਆਂ ਚੁਣੌਤੀਆਂ ਦਾ ਹੱਲ ਨਿਕਲ ਜਾਵੇਗਾ, ਇਸ ਲਾਂਘੇ ਨੂੰ ਪੂਰੇ ਸਤਿਕਾਰ ਨਾਲ ਦੁਬਾਰਾ ਖੋਲ੍ਹ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਰਾਸ਼ਟਰੀ ਸੁਰੱਖਿਆ ਦੇ ਨਾਜ਼ੁਕ ਮੁੱਦੇ 'ਤੇ ਕਿਸੇ ਨੂੰ ਸਿਆਸੀ ਨਹੀਂ ਕਰਨੀ ਚਾਹੀਦੀ। 'ਬੰਦੀ ਸਿੰਘਾਂ' ਦੇ ਮੁੱਦੇ 'ਤੇ ਗ੍ਰਹਿ ਮੰਤਰੀ ਨੇ ਕਿਹਾ ਕਿ ਇਸ ਵਿਸ਼ੇ 'ਤੇ ਵੀ ਦੋਵੇਂ (ਬਾਕੀ ਸਫ਼ਾ 2 'ਤੇ)

8 ਦਸੰਬਰ ਨੂੰ ਮੋਗਾ ਵਿੱਚ ਰੈਲੀ; ਪ੍ਰਧਾਨ ਮੰਤਰੀ ਮੋਦੀ ਕਰਨਗੇ ਸ਼ਿਰਕਤ

ਸੁਖਬੀਰ ਬਾਦਲ ਨੇ ਕਿਹਾ, ਮੇਰੇ ਪਿਤਾ, ਪ੍ਰਕਾਸ਼ ਸਿੰਘ ਬਾਦਲ, ਸਾਰੇ ਧਰਮਾਂ ਦਾ ਸਤਿਕਾਰ ਕਰਦੇ ਸਨ ਅਤੇ ਉਨ੍ਹਾਂ ਨੇ ਭਾਈਚਾਰਕ ਸਾਂਝ ਨੂੰ ਵਧਾਵਾ ਦਿੱਤਾ। ਉਨ੍ਹਾਂ ਨੇ ਪੰਜਾਬ ਦੇ ਵਿਕਾਸ ਲਈ ਕੰਮ ਕੀਤਾ। 8 ਦਸੰਬਰ ਨੂੰ ਉਨ੍ਹਾਂ ਦਾ ਜਨਮ ਦਿਨ ਹੈ, ਅਤੇ ਅਸੀਂ ਉਸ ਦਿਨ ਮੋਗਾ ਵਿੱਚ ਇੱਕ ਰੈਲੀ ਕਰਾਂਗੇ। ਪ੍ਰਧਾਨ ਮੰਤਰੀ ਮੋਦੀ ਵੀ ਇਸ ਰੈਲੀ ਵਿੱਚ ਸ਼ਾਮਲ ਹੋਣਗੇ।

ਐੱਨ.ਡੀ.ਏ. 'ਚ ਵਾਪਸੀ ਦਾ ਪ੍ਰਧਾਨ ਮੰਤਰੀ ਵੱਲੋਂ ਸਵਾਗਤ; ਗੱਠਜੋੜ ਨੂੰ ਦੱਸਿਆ 'ਸੁਭਾਵਿਕ ਭਾਈਵਾਲੀ'



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੰਗਲਵਾਰ ਨੂੰ ਸ਼੍ਰੋਮਣੀ ਅਕਾਲੀ ਦਲ ਦੀ ਕੌਮੀ ਜਮਹੂਰੀ ਗੱਠਜੋੜ ਵਿੱਚ ਵਾਪਸੀ ਦਾ ਭਰਵਾਂ ਸਵਾਗਤ ਕਰਦਿਆਂ ਭਾਜਪਾ-ਅਕਾਲੀ ਭਾਈਵਾਲੀ ਨੂੰ ਪੰਜਾਬ ਦੀ ਭਲਾਈ ਅਤੇ ਤਰੱਕੀ ਪ੍ਰਤੀ ਵਚਨਬੱਧ ਇੱਕ 'ਸੁਭਾਵਿਕ ਗੱਠਜੋੜ' ਕਰਾਰ ਦਿੱਤਾ ਹੈ। ਸੋਸ਼ਲ ਮੀਡੀਆ 'ਐਕਸ' 'ਤੇ ਪਾਈ ਇੱਕ ਪੋਸਟ ਵਿੱਚ ਸ੍ਰੀ ਮੋਦੀ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਸ਼ੁਭ ਮੌਕੇ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਮੁੜ ਐੱਨ.ਡੀ.ਏ. ਵਿੱਚ ਸ਼ਾਮਲ ਹੋਣ 'ਤੇ ਖੁਸ਼ੀ ਜ਼ਾਹਿਰ ਕਰਦਿਆਂ ਕਿਹਾ ਕਿ ਇਹ ਗੱਠਜੋੜ ਪੰਜਾਬ ਅਤੇ ਇੱਥੋਂ ਦੇ ਲੋਕਾਂ ਦੇ (ਬਾਕੀ ਸਫ਼ਾ 2 'ਤੇ)

ਭਾਜਪਾ ਨਾਲ ਸਾਡਾ ਰਿਸ਼ਤਾ ਨਹੁੰ-ਮਾਸ ਦੇ ਰਿਸ਼ਤੇ ਵਾਂਗ : ਸੁਖਬੀਰ ਬਾਦਲ



ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਇਹ ਸਿਰਫ਼ ਇੱਕ ਸਿਆਸੀ ਗੱਠਜੋੜ ਨਹੀਂ, ਸਗੋਂ ਇੱਕ ਭਾਵਨਾਤਮਕ ਰਿਸ਼ਤਾ ਹੈ। ਮੇਰੇ ਪਿਤਾ ਜੀ ਇਸ ਨੂੰ 'ਨਹੁੰ-ਮਾਸ ਦੇ ਰਿਸ਼ਤੇ' ਵਾਂਗ ਦੱਸਿਆ ਕਰਦੇ ਸਨ। ਜਿੰਨਾ ਚਿਰ ਇਹ ਗੱਠਜੋੜ ਕਾਇਮ ਰਿਹਾ, ਪੰਜਾਬ ਤਰੱਕੀ ਕਰਦਾ ਰਿਹਾ ਅਤੇ ਸੂਬੇ ਵਿੱਚ ਸ਼ਾਂਤੀ ਬਣੀ ਰਹੀ। ਇਹ ਰਿਸ਼ਤਾ ਮੇਰੇ ਪਿਤਾ ਜੀ, ਅਟਲ ਜੀ ਅਤੇ ਅਡਵਾਨੀ ਜੀ ਨੇ ਕਾਇਮ ਕੀਤਾ ਸੀ; ਇਹ ਇੱਕ ਪਰਿਵਾਰਕ ਰਿਸ਼ਤਾ ਹੈ। ਪੰਜਾਬ ਨੂੰ ਬਚਾਉਣ ਦੀ ਲੋੜ ਹੈ। ਅਕਾਲੀ ਦਲ ਭਾਰਤ ਦੀ ਦੂਜੀ ਸਭ ਤੋਂ ਪੁਰਾਣੀ ਸਿਆਸੀ ਪਾਰਟੀ ਹੈ। ਅਸੀਂ ਦੇਸ਼ ਦੀ ਆਜ਼ਾਦੀ ਦੀ ਲੜਾਈ ਦੌਰਾਨ ਅਤੇ ਉਸ ਤੋਂ ਬਾਅਦ ਦੇ ਸਮੇਂ ਵਿੱਚ ਵੀ ਅਹਿਮ ਯੋਗਦਾਨ ਪਾਇਆ ਹੈ।

ਇਹ ਗੱਠਜੋੜ ਨਹੀਂ, ਠੱਗਜੋੜ ਹੈ: ਭਗਵੰਤ ਮਾਨ

- ਖੇਤੀ ਕਾਨੂੰਨਾਂ, ਪੰਜਾਬ ਯੂਨੀਵਰਸਿਟੀ ਤੇ ਚੰਡੀਗੜ੍ਹ ਦੇ ਮੁੱਦੇ 'ਤੇ ਅਕਾਲੀ ਅਤੇ ਭਾਜਪਾ ਨੂੰ ਘੇਰਿਆ

ਚੰਡੀਗੜ੍ਹ, 24 ਨਵੰਬਰ
(ਪੈ.ਗਾਮ-ਏ-ਜਗਤ)

ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਗੱਠਜੋੜ ਤੋਂ ਬਾਅਦ ਪੰਜਾਬ ਵਿੱਚ ਸਿਆਸਤ ਭਖ ਗਈ ਹੈ। ਇਸੇ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅਕਾਲੀ ਦਲ ਅਤੇ ਭਾਜਪਾ ਗੱਠਜੋੜ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਇਹ ਗੱਠਜੋੜ ਨਹੀਂ, ਠੱਗਜੋੜ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਭਗਵੰਤ ਮਾਨ ਨੇ ਸੋਸ਼ਲ ਮੀਡੀਆ 'ਤੇ ਲੋਕਾਂ ਨੂੰ ਸੰਬੋਧਨ ਕਰਦਿਆਂ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਪਹਿਲਾਂ ਹੀ ਕੈਪਟਨ ਅਮਰਿੰਦਰ ਸਿੰਘ ਅਤੇ ਬਾਦਲ ਪਰਿਵਾਰ ਵੱਲੋਂ ਅੰਦਰੂਨੀ ਸਹਿਮਤੀ ਨਾਲ ਸਿਆਸਤ ਕੀਤੀ ਜਾਂਦੀ ਸੀ, ਜਿਸ ਵਿੱਚ ਪੰਜ ਸਾਲ ਭੂੰ ਅਤੇ ਪੰਜ ਸਾਲ ਮੈਂ ਦੀ ਸਿਆਸਤ ਕੀਤੀ ਗਈ ਹੈ। ਉਨ੍ਹਾਂ ਲੋਕਾਂ ਨੂੰ



ਅਪੀਲ ਕੀਤੀ ਕਿ ਅਜਿਹੇ ਲੋਕਾਂ 'ਤੇ ਯਕੀਨ ਨਾ ਕਰਿਓ। 'ਆਪ' ਆਮ ਲੋਕਾਂ ਦੀ ਪਾਰਟੀ ਹੈ, ਜਿਸ ਵੱਲੋਂ ਲੋਕਾਂ ਲਈ ਕੰਮ ਕੀਤਾ ਜਾਂਦਾ ਹੈ।

ਭਗਵੰਤ ਮਾਨ ਨੇ ਕਿਹਾ ਕਿ ਅਕਾਲੀ ਦਲ-ਭਾਜਪਾ ਨੇ ਲੋਕਾਂ ਨੂੰ ਮੂਰਖ ਬਣਾਉਣ ਦਾ ਠੇਕਾ ਲੈ ਲਿਆ ਹੈ। ਕੇਂਦਰ ਦੀ ਭਾਜਪਾ ਸਰਕਾਰ ਨੇ ਤਿੰਨ ਖੇਤੀ ਕਾਨੂੰਨ ਬਣਾਏ ਤਾਂ ਪਹਿਲਾਂ ਅਕਾਲੀ ਦਲ ਨੇ ਕਾਨੂੰਨਾਂ ਦੀ ਸ਼ਲਾਘਾ ਕੀਤੀ, ਪਰ ਜਦੋਂ ਕਿਸਾਨਾਂ ਸਣੇ (ਬਾਕੀ ਸਫ਼ਾ 2 'ਤੇ)

ਪਾਕਿਸਤਾਨ : ਵਾਹਨ ਖੱਡ ਵਿੱਚ ਡਿੱਗਿਆ; 8 ਹਲਾਕ; 7 ਜ਼ਖ਼ਮੀ

ਪੇਸ਼ਾਵਰ, 24 ਨਵੰਬਰ
(ਪੈ.ਗਾਮ-ਏ-ਜਗਤ)

ਪਾਕਿਸਤਾਨ ਦੇ ਉੱਤਰ-ਪੱਛਮੀ ਇਲਾਕੇ ਵਿੱਚ ਮੰਗਲਵਾਰ ਨੂੰ ਇਕ ਯਾਤਰੀ ਵਾਹਨ ਡੂੰਘੀ ਖੱਡ ਵਿੱਚ ਡਿੱਗਣ ਕਾਰਨ ਅੱਠ ਜਣਿਆਂ ਦੀ ਮੌਤ ਹੋ ਗਈ, ਜਦਕਿ ਸੱਤ ਹੋਰ ਜ਼ਖ਼ਮੀ ਹੋ ਗਏ। ਬਚਾਅ ਅਧਿਕਾਰੀਆਂ ਨੇ ਦੱਸਿਆ ਕਿ ਇਹ ਹਾਦਸਾ ਖੈਬਰ ਪਖਤੂਨਖਵਾ ਸੂਬੇ ਦੇ ਤੋਰਘਰ ਜ਼ਿਲ੍ਹੇ ਵਿੱਚ ਵਾਪਰਿਆ।

ਅਧਿਕਾਰੀਆਂ ਅਨੁਸਾਰ ਇਹ ਹਾਦਸਾ ਸ਼ਾਤਲ ਸੇਰਾ ਕੰਡੋ ਇਲਾਕੇ ਵਿੱਚ ਉਸ ਸਮੇਂ ਵਾਪਰਿਆ, ਜਦੋਂ ਵਾਹਨ ਦੇ ਬਰੇਕ ਫੇਲ੍ਹ ਹੋ ਗਏ ਅਤੇ ਚਾਲਕ ਉਸ 'ਤੇ ਕਾਬੂ ਨਹੀਂ ਰੱਖ ਸਕਿਆ। ਇਸ ਕਾਰਨ ਵਾਹਨ ਸੜਕ ਤੋਂ ਫਿਸਲ ਕੇ ਡੂੰਘੀ ਖੱਡ ਵਿੱਚ ਜਾ ਡਿੱਗਿਆ। ਹਾਦਸੇ ਵਿੱਚ ਅੱਠ ਜਣਿਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਿਨ੍ਹਾਂ ਵਿੱਚ ਦੋ ਔਰਤਾਂ ਵੀ ਸ਼ਾਮਲ ਸਨ। ਹਾਦਸੇ ਵਿੱਚ ਜ਼ਖ਼ਮੀ ਹੋਏ ਸੱਤ ਜਣਿਆਂ ਵਿੱਚ ਤਿੰਨ ਔਰਤਾਂ, ਤਿੰਨ ਪੁਰਸ਼ ਅਤੇ ਇਕ ਬੱਚਾ ਸ਼ਾਮਲ ਹੈ। ਘਟਨਾ ਦੀ ਸੂਚਨਾ ਮਿਲਣ ਮਗਰੋਂ (ਬਾਕੀ ਸਫ਼ਾ 2 'ਤੇ)

ਈਰਾਨੀ ਮਹਿਲਾ ਗਾਇਕਾ ਨੂੰ ਹਿਜਾਬ ਤੋਂ ਬਿਨਾਂ ਗਾਉਣ 'ਤੇ 74 ਕੋਰੜੇ ਮਾਰੇ ਗਏ

- ਸਾਥੀਆਂ ਨੂੰ ਵੀ ਸਜ਼ਾ ਮਿਲੀ; ਦੋ ਸਾਲਾਂ ਲਈ ਗਾਉਣ ਅਤੇ ਵਿਦੇਸ਼ ਯਾਤਰਾ ਕਰਨ 'ਤੇ ਪਾਬੰਦੀ ਲਗਾਈ ਗਈ

ਤਹਿਰਾਨ, 24 ਨਵੰਬਰ
(ਪੈ.ਗਾਮ-ਏ-ਜਗਤ)

ਈਰਾਨੀ ਗਾਇਕਾ ਪਰਸਤੂ ਅਹਿਮਦੀ ਅਤੇ ਉਸਦੇ ਸਾਥੀਆਂ ਨੂੰ ਸੋਮਵਾਰ ਨੂੰ 74-74 ਕੋਰੜੇ ਮਾਰੇ ਗਏ। ਇਹ ਸਜ਼ਾ ਜੂਨ 2026 ਵਿੱਚ ਕੋਮ ਸ਼ਹਿਰ ਦੀ ਇੱਕ ਅਦਾਲਤ ਦੁਆਰਾ ਸੁਣਾਈ ਗਈ ਸੀ। ਉਨ੍ਹਾਂ 'ਤੇ ਜਨਤਕ ਤੌਰ 'ਤੇ ਬਿਨਾਂ ਹਿਜਾਬ ਦੇ ਗਾਉਣ ਅਤੇ 'ਅਸ਼ਲੀਲ' ਸਮੱਗਰੀ ਤਿਆਰ ਕਰਨ ਦੇ ਦੋਸ਼ ਲਗਾਏ ਗਏ ਸਨ। ਇਹ ਘਟਨਾ ਦਸੰਬਰ 2024 ਦੀ ਹੈ, ਜਦੋਂ ਪਰਸਤੂ ਅਹਿਮਦੀ ਨੇ ਬਿਨਾਂ ਹਿਜਾਬ ਪਹਿਨੇ ਯੂਟਿਊਬ 'ਤੇ ਇੱਕ ਲਾਈਵ ਸੰਗੀਤ ਸਮਾਰੋਹ (ਕੰਸਰਟ) ਕੀਤਾ ਸੀ।

27 ਮਿੰਟ ਦੀ ਇਸ ਵੀਡੀਓ ਵਿੱਚ, ਉਹ ਬਿਨਾਂ ਬਾਹਾਂ ਵਾਲਾ ਪਹਿਰਾਵਾ ਪਹਿਨੇ ਚਾਰ ਪੁਰਸ਼ ਸੰਗੀਤਕਾਰਾਂ ਨਾਲ ਪ੍ਰਦਰਸ਼ਨ ਕਰਦੀ ਦਿਖਾਈ ਦੇ ਰਹੀ ਹੈ। ਉਸਨੇ ਈਰਾਨ ਦਾ ਮਸ਼ਹੂਰ ਦੇਸ਼ ਭਗਤੀ ਗੀਤ, 'ਅਜ਼ ਖੂਨ-ਏ ਜਵਾਨਾਨ-ਏ ਵਤਨ' (ਮਾਤ



ਭੂਮੀ ਦੇ ਨੌਜਵਾਨਾਂ ਦੇ ਖੂਨ ਦੁਆਰਾ) ਗਾਇਆ ਸੀ।

ਅਦਾਲਤ ਨੇ ਪਰਸਤੂ ਅਤੇ ਉਸਦੇ ਸਾਥੀਆਂ 'ਤੇ ਦੋ ਸਾਲਾਂ ਲਈ ਵਿਦੇਸ਼ ਯਾਤਰਾ ਕਰਨ 'ਤੇ ਪਾਬੰਦੀ ਲਗਾ ਦਿੱਤੀ ਹੈ, ਜਿਸ ਨਾਲ ਉਨ੍ਹਾਂ ਦੇ ਦੇਸ਼ ਛੱਡਣ 'ਤੇ ਰੋਕ ਲੱਗ ਗਈ ਹੈ। ਇਸ ਸਮੇਂ ਦੌਰਾਨ, ਉਨ੍ਹਾਂ ਨੂੰ ਕਿਸੇ ਵੀ ਜਨਤਕ ਸਮਾਗਮ ਜਾਂ ਪ੍ਰਦਰਸ਼ਨ ਵਿੱਚ ਹਿੱਸਾ ਲੈਣ ਤੋਂ ਵੀ ਵਰਜਿਤ ਕੀਤਾ ਗਿਆ ਹੈ। ਅਕਤੂਬਰ ਵਿੱਚ, ਮਨੁੱਖੀ ਅਧਿਕਾਰ ਸੰਸਥਾ 'ਐਮਨੈਸਟੀ ਇੰਟਰਨੈਸ਼ਨਲ' ਨੇ ਇਸ ਸਜ਼ਾ ਦੀ ਨਿੰਦਾ ਕੀਤੀ ਸੀ ਅਤੇ ਈਰਾਨੀ ਅਧਿਕਾਰੀਆਂ ਨੂੰ (ਬਾਕੀ ਸਫ਼ਾ 2 'ਤੇ)

ਪੰਜਾਬ 'ਚ ਵੱਡੀ ਵਾਰਦਾਤ, ਪੁੱਤ ਨੇ ਮਾਂ ਦਾ ਕੀਤਾ ਕਤਲ

- ਦੋ ਪਾਲਤੂ ਕੁੱਤਿਆਂ ਨੂੰ ਵੀ ਮਾਰੀਆਂ ਗੋਲੀਆਂ

ਅੰਮ੍ਰਿਤਸਰ, 24 ਨਵੰਬਰ
(ਪੈ.ਗਾਮ-ਏ-ਜਗਤ)

ਅੰਮ੍ਰਿਤਸਰ ਦੇ ਜੁਝਾਰ ਸਿੰਘ ਐਵੇਨਿਊ 'ਚ ਦੁਪਹਿਰ ਇਕ ਦਿਲ ਦਹਿਲਾਉਣ ਵਾਲੀ ਘਟਨਾ ਸਾਹਮਣੇ ਆਈ ਹੈ, ਜਿੱਥੇ ਇੱਕ ਵਿਅਕਤੀ ਨੇ ਆਪਣੀ ਮਾਂ ਅਤੇ ਘਰ ਦੇ ਦੋ ਪਾਲਤੂ ਕੁੱਤਿਆਂ ਨੂੰ ਗੋਲੀ ਮਾਰਨ ਤੋਂ ਬਾਅਦ ਖੁਦ ਨੂੰ ਵੀ ਗੋ

ਲਾਇਬ੍ਰੇਰੀਆ ਦਾ ਰਹਿਣ ਵਾਲਾ ਤਸਕਰ ਹੈਰੋਇਨ ਸਮੇਤ ਗ੍ਰਿਫ਼ਤਾਰ

ਪੈ.ਗਾਮ-ਏ-ਜਗਤ
ਅੰਬਾਲਾ, 24 ਨਵੰਬਰ (ਆਰ.ਸਿੰਘ)

ਅੰਬਾਲਾ ਪੁਲੀਸ ਦੇ ਐਂਟੀ ਨਾਰਕੋਟਿਕ ਸੈੱਲ ਦੀ ਟੀਮ ਨੇ ਇੱਕ ਵਿਦੇਸ਼ੀ ਨਾਗਰਿਕ ਨੂੰ 60 ਗਰਾਮ MDMA ਅਤੇ 52 ਗਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਮੁਲਜ਼ਮ ਨੂੰ ਅੰਬਾਲਾ ਸਦਰ ਥਾਣਾ ਖੇਤਰ ਵਿੱਚ ਦੇਵੀ ਨਗਰ ਨੇੜੇ ਸਥਿਤ ਇੱਕ ਪੈਟਰੋਲ ਪੰਪ ਨੇੜੇ ਗ੍ਰਿਫ਼ਤਾਰ ਕੀਤਾ ਗਿਆ। ਮੁਲਜ਼ਮ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲੀਸ ਰਿਮਾਂਡ ਪ੍ਰਾਪਤ ਕੀਤਾ ਗਿਆ ਹੈ।

ਪੁਲੀਸ ਅਨੁਸਾਰ ਮੁਲਜ਼ਮ ਦੀ ਪਛਾਣ ਮੁਹੰਮਦ ਹਸਨ ਵਜੋਂ ਹੋਈ ਹੈ ਜੋ ਕਿ ਲਾਇਬੇਰੀਆ ਦਾ ਰਹਿਣ ਵਾਲਾ ਹੈ ਅਤੇ ਇਸ ਸਮੇਂ ਅਮਾਇਰਾ ਗਰੀਨ, ਖਰੜ, ਜ਼ਿਲ੍ਹਾ ਮੋਹਾਲੀ, ਪੰਜਾਬ ਵਿਖੇ ਰਹਿ ਰਿਹਾ ਹੈ।



ਪੁਲੀਸ ਨੇ ਮੁਲਜ਼ਮ ਦੇ ਕਬਜ਼ੇ ਵਿੱਚੋਂ 60 ਗਰਾਮ MDMA ਅਤੇ 52 ਗਰਾਮ ਹੈਰੋਇਨ ਬਰਾਮਦ ਕੀਤੀ ਹੈ। NDPS ਐਕਟ ਦੀਆਂ ਸਬੰਧਿਤ ਧਾਰਾਵਾਂ ਤਹਿਤ ਅੰਬਾਲਾ ਸਦਰ ਥਾਣੇ ਵਿੱਚ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਢੁਕਵੀਂ ਕਾਰਵਾਈ ਕੀਤੀ ਗਈ ਹੈ। ਪੁਲੀਸ ਰਿਮਾਂਡ ਦੌਰਾਨ ਮੁਲਜ਼ਮ ਦੇ ਨਸ਼ਾ ਤਸਕਰੀ ਨੈੱਟਵਰਕ ਦੀ ਜਾਂਚ ਕੀਤੀ ਜਾਵੇਗੀ। ਮੁਲਜ਼ਮ ਤੋਂ ਨਸ਼ਾ ਤਸਕਰੀ ਵਿੱਚ ਸ਼ਾਮਲ ਅੱਗੇ ਅਤੇ ਪਿੱਛੇ ਦੇ ਲਿੰਕਾਂ ਬਾਰੇ ਪੂਰੀ ਜਾਣਕਾਰੀ ਲਈ ਜਾਵੇਗੀ। ਪੁਲੀਸ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕਰੇਗੀ ਕਿ ਮੁਲਜ਼ਮ ਨੇ ਨਸ਼ੀਲੇ ਪਦਾਰਥ ਕਿੱਥੋਂ ਪ੍ਰਾਪਤ ਕੀਤੇ ਅਤੇ ਉਸ ਦਾ ਕਿਸ ਨੂੰ ਪਹੁੰਚਾਉਣ ਦਾ ਇਰਾਦਾ ਸੀ। ਇਸ ਤੋਂ ਇਲਾਵਾ ਪੁਲੀਸ ਮੁਲਜ਼ਮ ਦੇ ਲਾਇਬੇਰੀਆ ਤੋਂ ਭਾਰਤ ਆਉਣ ਦੇ ਉਦੇਸ਼, ਉਸ ਦੇ ਪਾਸਪੋਰਟ ਅਤੇ ਹੋਰ ਦਸਤਾਵੇਜ਼ਾਂ ਦੀ ਜਾਂਚ ਕਰ ਰਹੀ ਹੈ। ਇਹ ਕਾਰਵਾਈ ANC ਸਟਾਫ਼ ਅੰਬਾਲਾ ਦੇ ਸਹਾਇਕ ਸਬ-ਇੰਸਪੈਕਟਰ ਦੇਵਿੰਦਰ ਸਿੰਘ, ਸਹਾਇਕ ਸਬ-ਇੰਸਪੈਕਟਰ ਰਣਬੀਰ ਸਿੰਘ ਅਤੇ ਉਨ੍ਹਾਂ ਦੀ ਟੀਮ ਵੱਲੋਂ ANC ਸਟਾਫ਼ ਇੰਚਾਰਜ ਸਬ-ਇੰਸਪੈਕਟਰ ਨਰੇਸ਼ ਕੁਮਾਰ ਦੀ ਅਗਵਾਈ ਹੇਠ ਕੀਤੀ ਗਈ।

ਜ਼ਿਲ੍ਹਾ ਰੈੱਡ ਕਰਾਸ ਦੀ ਅਗਵਾਈ ਹੇਠ ਆਰ ਆਰ ਇਨੀਸ਼ੀਏਟਿਵ ਸੰਸਥਾ ਦਾ ਚੌਥਾ ਖੂਨਦਾਨ ਕੈਂਪ ਸਫ਼ਲਤਾਪੂਰਵਕ ਸੰਪੰਨ, 50 ਤੋਂ ਵੱਧ ਯੂਨਿਟ ਖੂਨ ਇਕੱਤਰ

ਖਰੜ, 24 ਨਵੰਬਰ
(ਪੈ.ਗਾਮ-ਏ-ਜਗਤ)

ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਅਗਵਾਈ ਹੇਠ ਆਰ ਆਰ ਇਨੀਸ਼ੀਏਟਿਵ ਸੰਸਥਾ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚੌਥਾ ਖੂਨਦਾਨ ਕੈਂਪ ਸਫ਼ਲਤਾਪੂਰਵਕ ਲਗਾਇਆ ਗਿਆ। ਕੈਂਪ ਦੌਰਾਨ ਖੂਨਦਾਨੀਆਂ ਦੇ ਉਤਸ਼ਾਹਪੂਰਨ ਯੋਗਦਾਨ ਸਦਕਾ 50 ਤੋਂ ਵੱਧ ਯੂਨਿਟ ਖੂਨ ਇਕੱਤਰ ਕੀਤਾ ਗਿਆ।

ਇਸ ਉਪਰਾਲੇ ਦਾ ਮੁੱਖ ਉਦੇਸ਼ ਲੋੜਵੰਦ ਮਰੀਜ਼ਾਂ ਲਈ ਖੂਨ ਦੀ ਉਪਲਬਧਤਾ ਯਕੀਨੀ ਬਣਾਉਣ ਦੇ ਨਾਲ-ਨਾਲ ਸਮਾਜ ਵਿੱਚ ਸਵੈ-ਇੱਛੁਕ ਖੂਨਦਾਨ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ। ਇਸ ਮੌਕੇ ਰੈਨਰੀਟਾ ਡਚਲਵਾਲ, ਪ੍ਰੋ. ਪ੍ਰਧਾਨ, ਭਾਰਤੀ ਰੈੱਡ ਕਰਾਸ ਸੁਸਾਇਟੀ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਦੇ ਨਾਲ ਪੰਕਜ ਸ਼ਰਮਾ, ਪ੍ਰੋਜੈਕਟ ਮੈਨੇਜਰ, ਗੁਰਪ੍ਰੀਤ ਸਿੰਘ, ਸਹਾਇਕ ਜ਼ਿਲ੍ਹਾ ਰੈੱਡ ਕਰਾਸ ਅਧਿਕਾਰੀ ਅਤੇ ਸ਼ਿਸ਼ੂ ਪਾਲ, ਵਿਸ਼ਵਾਸ਼ ਫਾਊਂਡੇਸ਼ਨ, ਗੁਰਦੁਆਰਾ ਪ੍ਰਬੰਧਕ ਕਮੇਟੀ, ਹੋਮੀ ਭਾਭਾ ਕੈਂਸਰ ਹਸਪਤਾਲ, ਨਿਊ ਚੰਡੀਗੜ੍ਹ ਅਤੇ ਸਮੂਹ ਸਹਿਯੋਗੀ ਸੰਸਥਾਵਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਖੂਨਦਾਨ ਕੈਂਪ ਲਗਾਉਣਾ ਮਨੁੱਖਤਾ ਦੀ ਸੇਵਾ ਅਤੇ ਪਰਉਪਕਾਰ ਦੇ ਉਨ੍ਹਾਂ ਦੇ ਸੰਦੇਸ਼ ਨੂੰ ਅਮਲ ਵਿੱਚ ਲਿਆਉਣ ਦਾ ਉਪਰਾਲਾ ਹੈ। ਖੂਨਦਾਨ ਸਿਰਫ਼ ਸਮਾਜਿਕ ਗਤੀਵਿਧੀ ਨਹੀਂ, ਸਗੋਂ ਮਨੁੱਖਤਾ ਪ੍ਰਤੀ ਸਾਡੀ ਜ਼ਿੰਮੇਵਾਰੀ ਅਤੇ ਸੰਵੇਦਨਸ਼ੀਲਤਾ ਦਾ ਪ੍ਰਤੀਕ ਹੈ।

ਕੈਂਪ ਦੌਰਾਨ ਖੂਨਦਾਨੀਆਂ, ਵਲੰਟੀਅਰਾਂ ਅਤੇ ਸਹਿਯੋਗੀ ਸੰਸਥਾਵਾਂ ਦੀ ਸਰਗਰਮ ਭਾਗੀਦਾਰੀ ਨੇ ਇਸ ਉਪਰਾਲੇ ਨੂੰ ਸਫ਼ਲ ਬਣਾਇਆ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਾਜਿੰਦਰ ਸਿੰਘ ਨੇ ਸਮੂਹ ਮਹਿਮਾਨਾਂ ਦਾ ਸਿਰੋਪਾਓ ਭੇਟ ਕਰਕੇ ਸਨਮਾਨ ਸਹਿਤ ਸਵਾਗਤ ਕੀਤਾ। ਪ੍ਰਬੰਧਕਾਂ ਨੇ ਭਵਿੱਖ ਵਿੱਚ ਵੀ ਅਜਿਹੇ ਲੋਕ ਭਲਾਈ ਦੇ ਉਪਰਾਲੇ ਜਾਰੀ ਰੱਖਣ ਦੀ ਵਚਨਬੱਧਤਾ ਪ੍ਰਗਟਾਈ।

- ਰੈਨਰੀਟਾ ਡਚਲਵਾਲ, ਪ੍ਰੋ. ਪ੍ਰਧਾਨ, ਭਾਰਤੀ ਰੈੱਡ ਕਰਾਸ ਸੁਸਾਇਟੀ ਨੇ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ



ਨਸ਼ਾ ਤਸਕਰੀ ਮਾਮਲੇ ਵਿਚ 10 ਸਾਲ ਦੀ ਸਜ਼ਾ

ਪੈ.ਗਾਮ-ਏ-ਜਗਤ
ਅੰਬਾਲਾ, 24 ਨਵੰਬਰ (ਆਰ.ਸਿੰਘ)

ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਇੱਕ ਮਾਮਲੇ ਵਿੱਚ ਐਨਡੀਪੀਐਸ ਐਕਟ ਫਾਸਟ ਟਰੈਕ ਸਪੈਸ਼ਲ ਕੋਰਟ ਨੇ ਫ਼ਤਿਹਗੜ੍ਹ ਪਿੰਡ ਦੇ ਵਸਨੀਕ ਰਾਜੇਸ਼ ਕੁਮਾਰ ਨੂੰ 10 ਸਾਲ ਦੀ ਸਖ਼ਤ ਕੈਦ ਦੀ ਸਜ਼ਾ ਸੁਣਾਈ ਹੈ। ਵਧੀਕ ਸੈਸ਼ਨ ਜੱਜ ਡਾ. ਅਸ਼ੋਕ ਕੁਮਾਰ ਨੇ ਦੋਸ਼ੀ ਨੂੰ 100,000 ਰੁਪਏ ਦਾ ਜੁਰਮਾਨਾ ਵੀ ਲਾਇਆ ਹੈ। ਜੁਰਮਾਨਾ ਨਾ ਦੇਣ 'ਤੇ ਇੱਕ ਸਾਲ ਦੀ ਵਾਧੂ ਸਾਦੀ ਕੈਦ ਹੋਵੇਗੀ। ਇਹ ਮਾਮਲਾ 9 ਅਗਸਤ, 2019 ਦਾ ਹੈ। ਨਰਾਇਣਗੜ੍ਹ ਪੁਲੀਸ ਨੇ ਰਾਜੇਸ਼ ਕੁਮਾਰ ਵਿਰੁੱਧ ਐਨਡੀਪੀਐਸ ਐਕਟ ਦੀ ਧਾਰਾ 20 ਅਤੇ 29 ਦੇ ਤਹਿਤ ਐਫਆਈਆਰ ਦਰਜ ਕੀਤੀ ਸੀ। ਜਾਂਚ ਦੌਰਾਨ ਪੁਲੀਸ ਨੇ ਉਸ ਨੂੰ ਉਸ ਦੀ ਗੱਡੀ ਸਮੇਤ ਗ੍ਰਿਫ਼ਤਾਰ ਕਰ ਲਿਆ ਸੀ। ਤਲਾਸ਼ੀ ਲੈਣ 'ਤੇ 1 ਕਿੱਲੋਗਰਾਮ 500 ਗਰਾਮ ਹਸ਼ੀਸ਼ ਦਾ ਖ਼ੁਲਾਸਾ ਹੋਇਆ ਸੀ। ਇਸ ਤੋਂ ਬਾਅਦ ਪੁਲੀਸ ਨੇ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਕੇ ਜਾਂਚ ਪੂਰੀ ਕੀਤੀ ਅਤੇ ਅਦਾਲਤ ਵਿੱਚ ਚਲਾਨ ਪੇਸ਼ ਕੀਤਾ। ਮੁਕੱਦਮੇ ਦੌਰਾਨ ਪੁਲੀਸ ਨੇ ਗਵਾਹਾਂ ਦੇ ਬਿਆਨ ਅਤੇ ਹੋਰ ਸਬੂਤ ਪੇਸ਼ ਕੀਤੇ।

ਭਾਜਪਾ-ਸ਼੍ਰੋਮਣੀ ਅਕਾਲੀ ਦਲ ਗੱਠਜੋੜ ਤੇ ਮੰਤਰੀ ਵਿਜ ਦੀ ਪ੍ਰਤੀਕ੍ਰਿਆ

ਪੈ.ਗਾਮ-ਏ-ਜਗਤ
ਅੰਬਾਲਾ, 24 ਨਵੰਬਰ (ਆਰ.ਸਿੰਘ)

ਹਰਿਆਣਾ ਦੇ ਊਰਜਾ, ਆਵਾਜਾਈ ਅਤੇ ਕਿਰਤ ਮੰਤਰੀ ਅਨਿਲ ਵਿਜ ਨੇ ਪੰਜਾਬ ਵਿਧਾਨ ਸਭਾ ਚੋਣਾਂ ਲਈ ਭਾਜਪਾ-ਸ਼੍ਰੋਮਣੀ ਅਕਾਲੀ ਦਲ ਗੱਠਜੋੜ 'ਤੇ ਪ੍ਰਤੀਕਿਰਿਆ ਦਿੱਤੀ ਹੈ ਅਤੇ ਆਮ ਆਦਮੀ ਪਾਰਟੀ (ਆਪ) 'ਤੇ ਹਮਲਾ ਕੀਤਾ ਹੈ। ਮੀਡੀਆ ਨਾਲ ਗੱਲ ਕਰਦਿਆਂ ਵਿਜ ਨੇ ਕਿਹਾ, ਭਾਰਤੀ ਜਨਤਾ ਪਾਰਟੀ ਨੇ ਦਿੱਲੀ ਵਿੱਚ ਆਮ ਆਦਮੀ ਪਾਰਟੀ ਦੇ ਗੁਰੂ ਅਰਵਿੰਦ ਕੇਜਰੀਵਾਲ ਨੂੰ ਹਰਾਇਆ ਅਤੇ ਹੁਣ ਚੇਲੇ (ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ) ਦੀ ਵਾਰੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਅਤੇ ਸ਼੍ਰੋਮਣੀ ਅਕਾਲੀ ਦਲ ਦਾ ਗੱਠਜੋੜ ਪੰਜਾਬ ਵਿੱਚ '100%' ਸਰਕਾਰ ਬਣਾਏਗਾ।

ਵਿਜ ਮੀਡੀਆ ਕਰਮੀਆਂ ਵੱਲੋਂ ਪੰਜਾਬ ਚੋਣਾਂ ਲਈ ਭਾਰਤੀ ਜਨਤਾ ਪਾਰਟੀ ਅਤੇ ਸ਼੍ਰੋਮਣੀ ਅਕਾਲੀ ਦਲ ਵਿਚਕਾਰ ਗੱਠਜੋੜ ਸਬੰਧੀ ਪੁੱਛੇ ਗਏ ਇੱਕ ਸਵਾਲ ਦਾ ਜਵਾਬ ਦੇ ਰਹੇ ਸਨ। ਵਿਜ

- 'ਪਹਿਲਾਂ ਅਸੀਂ ਦਿੱਲੀ ਵਿੱਚ ਗੁਰੂ ਨੂੰ ਹਰਾਇਆ, ਹੁਣ ਚੇਲੇ ਦੀ ਵਾਰੀ ਹੈ' : ਵਿਜ



ਨੇ ਕਿਹਾ ਕਿ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਸ਼ੁਭ ਮੌਕੇ 'ਤੇ ਭਾਜਪਾ ਅਤੇ ਸ਼੍ਰੋਮਣੀ ਅਕਾਲੀ ਦਲ ਦਾ ਇਕੱਠੇ ਹੋਣਾ ਪੰਜਾਬ ਦੇ ਲੋਕਾਂ ਦੀ ਆਵਾਜ਼ ਹੈ। ਉਨ੍ਹਾਂ ਦੇ ਅਨੁਸਾਰ ਇਹ ਗੱਠਜੋੜ ਸੂਬੇ ਨੂੰ 'ਆਪ' ਦੇ ਕਥਿਤ ਜੰਗਲ ਰਾਜ ਤੋਂ ਮੁਕਤ ਕਰਨ ਲਈ ਜ਼ਰੂਰੀ ਸੀ ਅਤੇ ਇਹ ਗੱਠਜੋੜ ਬਿਨਾਂ ਸ਼ੱਕ ਪੰਜਾਬ ਵਿੱਚ ਸਰਕਾਰ ਬਣਾਏਗਾ।2027 ਦੀਆਂ ਪੰਜਾਬ ਚੋਣਾਂ ਬਾਰੇ ਵਿਜ ਨੇ ਦਾਅਵਾ ਕੀਤਾ ਕਿ ਜਿੱਤ ਦਾ ਇਹ ਸਿਲਸਿਲਾ ਹਰਿਆਣਾ ਤੋਂ ਸ਼ੁਰੂ ਹੋਇਆ ਸੀ ਅਤੇ ਹੁਣ ਪੰਜਾਬ ਤੱਕ ਪਹੁੰਚ ਗਿਆ ਹੈ। ਉਨ੍ਹਾਂ ਕਿਹਾ ਕਿ ਹਰਿਆਣਾ, ਫਿਰ ਦਿੱਲੀ, ਬਿਹਾਰ, ਬੰਗਾਲ ਅਤੇ ਅਸਾਮ ਵਿੱਚ ਜਿੱਤਣ ਤੋਂ ਬਾਅਦ ਹੁਣ ਉਹ ਪੰਜਾਬ ਵਾਪਸ ਆ ਗਏ ਹਨ। ਉਨ੍ਹਾਂ ਕਿਹਾ ਕਿ ਇਸ ਦੇਸ਼ ਵਿੱਚ ਆਮ ਆਦਮੀ ਪਾਰਟੀ ਲਈ ਸਭ ਕੁਝ ਖ਼ਤਮ ਹੋ ਗਿਆ ਹੈ।

ਹਰੋਲੀ ਦੀ ਸਿਆਸਤ ਵਿੱਚ ਭਾਜਪਾ ਆਗੂ ਪੁਨੀਤ ਮੋਦਗਿਲ ਦੀ ਧਮਾਕੇਦਾਰ ਐਂਟਰੀ

ਹਰੋਲੀ/ਊਨਾ, 23 ਨਵੰਬਰ
(ਪੈ.ਗਾਮ-ਏ-ਜਗਤ)

ਰਾਜਨੀਤੀ ਵਿੱਚ ਆਪਣੀ ਪਛਾਣ ਬਣਾਉਣ ਲਈ ਵੱਡੇ-ਵੱਡੇ ਭਾਸ਼ਣਾਂ, ਮੰਚਾਂ ਅਤੇ ਵਾਅਦਿਆਂ ਦੀ ਹਮੇਸ਼ਾ ਲੋੜ ਨਹੀਂ ਹੁੰਦੀ। ਇਨਸਾਨ ਦੀ ਅਸਲ ਪਛਾਣ ਉਸ ਸਮੇਂ ਸਾਹਮਣੇ ਆਉਂਦੀ ਹੈ, ਜਦੋਂ ਕੋਈ ਬੇਵੱਸ ਪਰਿਵਾਰ ਜ਼ਿੰਦਗੀ ਅਤੇ ਮੌਤ ਵਿਚਕਾਰ ਸੰਘਰਸ਼ ਕਰ ਰਿਹਾ ਹੋਵੇ ਅਤੇ ਕੋਈ ਉਸ ਦੇ ਨਾਲ ਖੜ੍ਹਨ ਦਾ ਹੌਸਲਾ ਦਿਖਾਵੇ। ਹਰੋਲੀ ਵਿਧਾਨ ਸਭਾ ਹਲਕੇ ਵਿੱਚ ਭਾਜਪਾ ਆਗੂ ਪੁਨੀਤ ਮੋਦਗਿਲ ਦਾ ਨਾਮ ਅੱਜਕੱਲ੍ਹ ਇਸੇ ਮਨੁੱਖੀ ਪਹਿਲਕਦਮੀ ਕਾਰਨ ਚਰਚਾ ਵਿੱਚ ਹੈ।

ਕੁਠਾਰਬੀਤ ਵਾਸੀ ਜਸਵੰਤ ਸਿੰਘ ਅਰਮੀਨੀਆ ਵਿੱਚ ਅਧਰੰਗ (ਪੈਰਾਲਿਸਿਸ) ਤੋਂ ਪੀੜਤ ਹੋ ਕੇ ਜ਼ਿੰਦਗੀ ਦੀ ਜੰਗ ਲੜ ਰਹੇ ਸਨ। ਵਿਦੇਸ਼ ਵਿੱਚ ਬਿਮਾਰ ਪਏ ਪੁੱਤਰ ਅਤੇ ਭਾਰਤ ਵਿੱਚ ਉਸ ਦੀ ਮਾਂ ਦੀ ਬੇਵਸੀ ਦਾ ਅੰਦਾਜ਼ਾ ਲਗਾਉਣਾ ਵੀ ਮੁਸ਼ਕਲ ਸੀ। ਮਾਂ ਆਪਣੇ ਪੁੱਤਰ ਨੂੰ ਸੁਰੱਖਿਅਤ ਵਾਪਸ ਲਿਆਉਣ ਲਈ ਆਗੂਆਂ ਅਤੇ ਜ਼ਿੰਮੇਵਾਰ ਲੋਕਾਂ ਦੇ ਦਰਵਾਜ਼ੇ ਖੜਕਾ ਰਹੀ ਸੀ। ਅੱਖਾਂ ਵਿੱਚ ਹੰਝੂ, ਦਿਲ ਵਿੱਚ ਪੁੱਤਰ ਦੀ ਸਲਾਮਤੀ ਦੀ ਆਸ ਅਤੇ ਹਰ ਲੰਘਦੇ ਦਿਨ ਨਾਲ ਵਧਦੀ ਚਿੰਤਾ ਸੀ। ਪਰਿਵਾਰ ਲਈ ਉਹ ਸਮਾਂ ਕਿਸੇ ਪਹਾੜ ਤੋਂ ਘੱਟ ਨਹੀਂ ਸੀ।

- ਅਰਮੀਨੀਆ ਜਾ ਕੇ ਜਸਵੰਤ ਨੂੰ ਮੌਤ ਦੇ ਮੂੰਹ ਵਿੱਚੋਂ ਵਾਪਸ ਲਿਆਏ, ਹੁਣ ਇਲਾਜ ਅਤੇ ਫਿਜ਼ਿਓਥੈਰੇਪੀ ਦੀ ਜ਼ਿੰਮੇਵਾਰੀ ਵੀ ਚੁੱਕੀ



ਅਜਿਹੇ ਔਖੇ ਸਮੇਂ ਵਿੱਚ ਭਾਜਪਾ ਆਗੂ ਪੁਨੀਤ ਮੋਦਗਿਲ ਨੇ ਸਿਰਫ਼ ਭਰੋਸਾ ਦੇਣ ਤੱਕ ਆਪਣੇ ਆਪ ਨੂੰ ਸੀਮਤ ਨਹੀਂ ਰੱਖਿਆ, ਸਗੋਂ ਖੁਦ ਹਜ਼ਾਰਾਂ ਕਿਲੋਮੀਟਰ ਦੂਰ ਅਰਮੀਨੀਆ ਪਹੁੰਚ ਕੇ ਜਸਵੰਤ ਸਿੰਘ ਨੂੰ ਭਾਰਤ ਵਾਪਸ ਲਿਆਉਣ ਦੀ ਪਹਿਲ ਕੀਤੀ। ਵਿਦੇਸ਼ ਤੋਂ ਜਸਵੰਤ ਦੀ ਸੁਰੱਖਿਅਤ ਵਾਪਸੀ ਤੋਂ ਬਾਅਦ ਪੁਨੀਤ ਮੋਦਗਿਲ ਪਹਿਲੀ ਵਾਰ ਇਲਾਕੇ ਵਿੱਚ ਖਾਸ ਚਰਚਾ ਵਿੱਚ ਆਏ ਸਨ।

ਪਰ ਉਨ੍ਹਾਂ ਦੀ ਭੂਮਿਕਾ ਇੱਥੇ ਹੀ ਖਤਮ ਨਹੀਂ ਹੋਈ। ਹੁਣ ਜਸਵੰਤ ਦੇ ਅਧਰੰਗ ਦੇ ਇਲਾਜ ਅਤੇ ਨਿਯਮਤ ਫਿਜ਼ਿਓਥੈਰੇਪੀ ਦਾ ਪ੍ਰਬੰਧ ਕਰਨ ਦੀ ਜ਼ਿੰਮੇਵਾਰੀ ਵੀ ਪੁਨੀਤ ਮੋਦਗਿਲ ਵੱਲੋਂ ਚੁੱਕੀ ਜਾ ਰਹੀ ਹੈ। ਉਨ੍ਹਾਂ ਅਨੁਸਾਰ ਜਸਵੰਤ ਨੂੰ ਰੋਜ਼ਾਨਾ ਫਿਜ਼ਿਓਥੈਰੇਪੀ ਦਿੱਤੀ ਜਾ ਰਹੀ ਹੈ ਅਤੇ ਉਸ ਦੀ ਸਿਹਤ ਵਿੱਚ ਹੌਲੀ-ਹੌਲੀ ਸੁਧਾਰ ਦੇਖਣ ਨੂੰ ਮਿਲ ਰਿਹਾ ਹੈ। ਹੱਥਾਂ-ਪੈਰਾਂ ਦੀ ਹਿਲਜੁਲ ਵਿੱਚ ਵੀ ਸੁਧਾਰ ਦੀ ਉਮੀਦ ਜਾਗੀ ਹੈ।

ਪੁਨੀਤ ਮੋਦਗਿਲ ਨੇ ਕਿਹਾ ਕਿ ਪਰਮਾਤਮਾ ਦੀ ਇੱਛਾ ਅਤੇ ਕਿਰਪਾ ਨਾਲ ਉਨ੍ਹਾਂ ਨੂੰ ਇਹ ਨੇਕ ਕੰਮ ਕਰਨ ਦੀ ਤਾਕਤ ਮਿਲੀ ਹੈ। ਜਸਵੰਤ ਦੀ ਸਿਹਤ ਵਿੱਚ ਸੁਧਾਰ ਹੋ ਰਿਹਾ ਹੈ ਅਤੇ ਉਸ ਦੇ ਬਿਹਤਰ ਇਲਾਜ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸ ਘਟਨਾਕ੍ਰਮ ਤੋਂ ਬਾਅਦ ਭਾਜਪਾ ਆਗੂ ਪੁਨੀਤ ਮੋਦਗਿਲ ਦੀ ਰਾਜਨੀਤਿਕ ਸਰਗਰਮੀ ਵੀ ਹਰੋਲੀ ਵਿੱਚ ਚਰਚਾ ਦਾ ਵਿਸ਼ਾ ਬਣ ਗਈ ਹੈ। ਇਲਾਕੇ ਦੀ ਰਾਜਨੀਤੀ ਵਿੱਚ ਉਨ੍ਹਾਂ ਦੀ ਧਮਾਕੇਦਾਰ ਐਂਟਰੀ ਨੂੰ ਲੋਕ ਇੱਕ ਨਵੇਂ ਘਟਨਾਕ੍ਰਮ ਵਜੋਂ ਦੇਖ ਰਹੇ ਹਨ। ਕਿਉਂਕਿ ਰਾਜਨੀਤੀ ਵਿੱਚ ਪੋਸਟਰਾਂ ਰਾਹੀਂ ਪਛਾਣ ਤਾਂ ਮਿਲ ਸਕਦੀ ਹੈ, ਪਰ ਕਿਸੇ ਮਾਂ ਦੀਆਂ ਅੱਖਾਂ ਵਿੱਚੋਂ ਹੰਝੂ ਪੂੰਝਣ ਅਤੇ ਸੰਕਟ ਵਿੱਚ ਘਿਰੇ ਪਰਿਵਾਰ ਦਾ ਸਹਾਰਾ ਬਣਨ ਨਾਲ ਲੋਕਾਂ ਦੇ ਦਿਲਾਂ ਵਿੱਚ ਜੋ ਥਾਂ ਬਣਦੀ ਹੈ, ਉਹ ਕਿਸੇ ਚੋਣ ਮੰਚ ਜਾਂ ਭਾਸ਼ਣ ਨਾਲ ਨਹੀਂ ਮਿਲਦੀ।

53 ਸਾਲਾ ਸੜਕ ਹਾਦਸੇ ਦੇ ਪੀੜਤ ਦੇ ਪਰਿਵਾਰ ਨੇ ਕੀਤਾ ਅੰਗਦਾਨ

ਚੰਡੀਗੜ੍ਹ, 24 ਨਵੰਬਰ
(ਪੈ.ਗਾਮ-ਏ-ਜਗਤ)

ਮਾਨਵਤਾ ਦੀ ਅਸਾਧਾਰਨ ਮਿਸਾਲ ਪੇਸ਼ ਕਰਦਿਆਂ ਫਤਿਹਗੜ੍ਹ ਸਾਹਿਬ ਦੇ 53 ਸਾਲਾ ਪਰਸ਼ੋਤਮ ਸਿੰਘ ਦੇ ਪਰਿਵਾਰ ਨੇ 21 ਨਵੰਬਰ 2026 ਨੂੰ ਪੀਜੀਆਈਐਮਈਆ ਚੰਡੀਗੜ੍ਹ ਵਿਚ ਉਨ੍ਹਾਂ ਦੇ ਬ੍ਰੇਨ-ਸਟੈਮ ਡੈੱਡ ਘੋਸ਼ਿਤ ਹੋਣ ਤੋਂ ਬਾਅਦ ਅੰਗਦਾਨ ਦੀ ਸਹਿਮਤੀ ਦਿੱਤੀ। ਉਨ੍ਹਾਂ ਦੇ ਜਿਗਰ, ਪੈਨਕ੍ਰੀਆਜ਼ ਅਤੇ ਦੋਵਾਂ ਗੁਰਦਿਆਂ ਦਾ ਪੀਜੀਆਈਐਮਈਆਰ ਵਿਚ ਸਫਲ ਟ੍ਰਾਂਸਪਲਾਂਟ ਕਰਕੇ ਤਿੰਨ ਮਰੀਜ਼ਾਂ ਨੂੰ ਨਵਾਂ ਜੀਵਨ ਦਿੱਤਾ ਗਿਆ।

ਸਵਰਗੀ ਸ੍ਰੀ ਨਿਰਮਲ ਸਿੰਘ ਦੇ ਪੁੱਤਰ ਪਰਸ਼ੋਤਮ ਸਿੰਘ, ਨਿਵਾਸੀ ਪਿੰਡ ਖਾਨਪੁਰ, ਜ਼ਿਲ੍ਹਾ ਫਤਿਹਗੜ੍ਹ ਸਾਹਿਬ, 18 ਨਵੰਬਰ 2026 ਨੂੰ ਆਪਣੇ ਸਾਈਕਲ 'ਤੇ ਜਾ ਰਹੇ ਸਨ, ਤਾਂ ਪਿੱਛਿਓਂ ਆ ਰਹੀ ਇਕ ਕਾਰ ਨੇ ਉਨ੍ਹਾਂ ਨੂੰ ਟੱਕਰ ਮਾਰ ਦਿੱਤੀ। ਉਨ੍ਹਾਂ ਨੂੰ ਪਹਿਲਾਂ ਰਾਜਿੰਦਰਾ ਹਸਪਤਾਲ, ਪਟਿਆਲਾ ਲਿਜਾਇਆ ਗਿਆ, ਫਿਰ ਜੀਵਨ ਮਲਟੀਸਪੈਸ਼ਲਿ

ਪ੍ਰਧਾਨ ਮੰਤਰੀ ਮੋਦੀ ਦੀਆਂ ਯੋਜਨਾਵਾਂ ਨਾਲ ਪੰਜਾਬ ਬਣੇਗਾ ਦੇਸ਼ ਦਾ ਪ੍ਰਗਤੀਸ਼ੀਲ ਸੂਬਾ: ਡਾ. ਰਮਨ ਘਈ

ਕਿਹਾ, ਕੇਂਦਰ ਦੀ ਭਾਜਪਾ ਸਰਕਾਰ ਦੀਆਂ ਨੀਤੀਆਂ ਨੂੰ ਜਨ-ਜਨ ਤੱਕ ਪਹੁੰਚਾਉਣਗੇ ਵਰਕਰ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਵਿੱਚ ਚੱਲ ਰਹੀ ਭਾਜਪਾ ਦੀ ਅਗਵਾਈ ਵਾਲੀ ਐੱਨਡੀਏ ਸਰਕਾਰ ਦੀਆਂ ਨੀਤੀਆਂ ਨੂੰ ਭਾਜਪਾ ਦਾ ਹਰ ਵਰਕਰ ਜਨ-ਜਨ ਤੱਕ ਪਹੁੰਚਾਏ। ਅੱਜ ਭਾਜਪਾ ਵਰਕਰਾਂ ਨੂੰ ਸੰਬੋਧਨ ਕਰਦਿਆਂ ਡਾ. ਰਮਨ ਘਈ ਨੇ ਇਹ ਗੱਲ ਕਹੀ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਨਾਲ ਪੰਜਾਬ ਇੱਕ ਵਾਰ ਫਿਰ ਦੇਸ਼ ਦਾ ਸਭ ਤੋਂ ਪ੍ਰਗਤੀਸ਼ੀਲ ਸੂਬਾ ਬਣੇਗਾ।

ਡਾ. ਘਈ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਉਦਯੋਗਪਤੀਆਂ, ਕਿਸਾਨਾਂ, ਔਰਤਾਂ, ਨੌਜਵਾਨਾਂ ਅਤੇ ਕਾਰੋਬਾਰੀਆਂ ਸਮੇਤ ਹਰ ਵਰਗ



ਲਈ ਲਾਭਕਾਰੀ ਯੋਜਨਾਵਾਂ ਚਲਾਈਆਂ ਹਨ। ਇਨ੍ਹਾਂ ਦਾ ਲਾਭ ਲੈ ਕੇ ਦੇਸ਼ ਦੀ ਆਬਾਦੀ ਦਾ ਇੱਕ ਵੱਡਾ ਹਿੱਸਾ ਅੱਜ ਗਰੀਬੀ ਰੇਖਾ ਤੋਂ ਬਾਹਰ ਆਉਣ ਵਿੱਚ ਸਫ਼ਲ ਹੋਇਆ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਦਾ ਲਾਭ ਉਠਾ ਕੇ ਇਹ ਲੋਕ ਦੇਸ਼ ਦੀ ਉੱਨਤੀ ਅਤੇ ਤਰੱਕੀ ਵਿੱਚ ਆਪਣਾ ਯੋਗਦਾਨ ਪਾ ਰਹੇ ਹਨ।

ਡਾ. ਘਈ ਨੇ ਵਰਕਰਾਂ ਨੂੰ ਕਿਹਾ ਕਿ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਦਾ ਲਾਭ ਦੇਸ਼ ਦੇ ਹਰ ਨਾਗਰਿਕ ਤੱਕ ਪਹੁੰਚੇ, ਇਸ ਗੱਲ ਨੂੰ ਭਾਜਪਾ ਦੇ ਹਰ ਵਰਕਰ ਨੂੰ ਆਪਣੇ-ਆਪਣੇ ਇਲਾਕੇ ਵਿੱਚ ਯਕੀਨੀ ਬਣਾਉਣਾ ਹੋਵੇਗਾ। ਉਨ੍ਹਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਸਰਕਾਰ ਬਣਾ ਕੇ ਪੰਜਾਬ ਲਈ ਉੱਨਤੀ ਦੇ ਨਵੇਂ ਰਾਹ ਖੋਲ੍ਹਣ ਜਾ ਰਹੀ ਹੈ।

ਡਾ. ਘਈ ਨੇ ਵਰਕਰਾਂ ਨੂੰ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਨੂੰ ਭਾਰੀ ਬਹੁਮਤ ਦਿਵਾਉਣ ਲਈ ਸਾਨੂੰ ਸਾਰਿਆਂ ਨੂੰ ਮਿਲ ਕੇ ਬੂਥ ਪੱਧਰ 'ਤੇ ਕੰਮ ਕਰਦਿਆਂ ਪਾਰਟੀ ਨੂੰ ਮਜ਼ਬੂਤ ਬਣਾਉਣ ਦੇ ਯਤਨ ਹੋਰ ਤੇਜ਼ ਕਰਨੇ ਹੋਣਗੇ।

ਇਸ ਮੌਕੇ ਭਾਜਪਾ ਆਗੂ ਡਾ. ਪੰਕਜ ਸ਼ਰਮਾ, ਕੁਲਭੂਸ਼ਣ ਸੇਠੀ, ਡਾ. ਰਾਜ ਕੁਮਾਰ ਸੈਣੀ, ਮਨੋਜ ਸ਼ਰਮਾ, ਡਾ. ਵਸ਼ਿਸ਼ਟ ਕੁਮਾਰ, ਅਸ਼ੋਕ ਕੁਮਾਰ ਗੋਲਡੀ, ਰਾਜ ਕੁਮਾਰ ਸ਼ਰਮਾ, ਮੋਹਿਤ ਸੰਧੂ, ਵਿਜੈ ਕੁਮਾਰ, ਮਨਜਿੰਦਰ ਅਟਵਾਲ, ਵਰੁਣ ਕਤਿਆਲ, ਜਸਵੀਰ ਸਿੰਘ, ਗਗਨਦੀਪ ਸਿੰਘ, ਮਯੰਕ ਸ਼ਰਮਾ, ਗਰਵਦੀਪ ਸਿੰਘ, ਰਾਜੀਵ ਕੁਮਾਰ ਆਦਿ ਵਰਕਰਾਂ ਨੇ ਘਰ-ਘਰ ਜਾ ਕੇ ਲੋਕਾਂ ਨੂੰ ਮੋਦੀ ਦੀਆਂ ਯੋਜਨਾਵਾਂ ਪ੍ਰਤੀ ਜਾਗਰੂਕ ਕਰਨ ਦਾ ਪ੍ਰਣ ਲਿਆ।

ਪੀ.ਐਮ. ਰਾਹਤ ਸਕੀਮ ਤਹਿਤ 100 ਕੇਸਾਂ ਨੂੰ ਮਨਜ਼ੂਰੀ ਦੇਣ ਵਾਲਾ ਹੁਸ਼ਿਆਰਪੁਰ ਪੰਜਾਬ ਦਾ ਪਹਿਲਾ ਜ਼ਿਲ੍ਹਾ ਬਣਿਆ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਜ਼ਿਲ੍ਹਾ ਹੁਸ਼ਿਆਰਪੁਰ ਨੇ ਪੀਐਮ ਰਾਹਤ ਸਕੀਮ ਤਹਿਤ 100 ਕੇਸਾਂ ਨੂੰ ਸਫਲਤਾਪੂਰਵਕ ਮਨਜ਼ੂਰੀ ਦੇ ਕੇ ਪੰਜਾਬ ਵਿੱਚ ਪਹਿਲਾ ਜ਼ਿਲ੍ਹਾ ਬਣਨ ਦਾ ਮਾਣ ਹਾਸਲ ਕੀਤਾ ਹੈ। ਇਹ ਪ੍ਰਾਪਤੀ ਆਰਟੀਓ ਅਮਨਦੀਪ ਕੌਰ ਘੁੰਮਣ ਦੀ ਨਿਗਰਾਨੀ ਅਤੇ ਜ਼ਿਲ੍ਹਾ ਰੋਲ ਆਊਟ ਮੈਨੇਜਰ ਜਸਪ੍ਰੀਤ ਸਿੰਘ ਦੇ ਸਹਿਯੋਗ ਨਾਲ ਹਾਸਲ ਕੀਤੀ ਗਈ ਹੈ। ਇਸ ਵਿੱਚ ਸਾਰੇ ਸਬੰਧਤ ਪੁਲਿਸ ਅਧਿਕਾਰੀਆਂ, ਜ਼ਿਲ੍ਹਾ ਪੱਧਰੀ ਅਧਿਕਾਰੀਆਂ ਅਤੇ ਵੱਖ-ਵੱਖ ਵਿਭਾਗਾਂ ਦੇ ਕਰਮਚਾਰੀਆਂ ਦੇ ਸਾਂਝੇ ਯਤਨਾਂ, ਸਮਰਪਣ ਅਤੇ ਬਿਹਤਰ ਤਾਲਮੇਲ ਨੇ ਅਹਿਮ ਭੂਮਿਕਾ ਨਿਭਾਈ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੀਐਮ ਰਾਹਤ ਸਕੀਮ ਦਾ ਮੁੱਖ ਉਦੇਸ਼ ਸੜਕ ਹਾਦਸਿਆਂ ਵਿੱਚ ਜ਼ਖ਼ਮੀ ਵਿਅਕਤੀਆਂ ਨੂੰ ਤੁਰੰਤ ਕੈਸ਼ਲੈੱਸ ਇਲਾਜ ਮੁਹੱਈਆ ਕਰਵਾ ਕੇ ਉਨ੍ਹਾਂ ਦੀ ਜਾਨ ਬਚਾਉਣਾ ਅਤੇ ਆਰਥਿਕ ਮੁਸ਼ਕਲਾਂ ਕਾਰਨ ਇਲਾਜ ਵਿੱਚ ਹੋਣ ਵਾਲੀ ਦੇਰੀ ਨੂੰ ਰੋਕਣਾ ਹੈ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਕੀਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਅਤੇ ਯੋਗ ਹਾਦਸਾ ਪੀੜਤਾਂ ਤੱਕ ਇਸ ਦਾ ਲਾਭ ਪਹੁੰਚਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।

ਉਨ੍ਹਾਂ ਦੱਸਿਆ ਕਿ ਇਸ ਸਕੀਮ ਤਹਿਤ ਸੜਕ ਹਾਦਸੇ ਦੇ ਪੀੜਤ ਨੂੰ ਹਾਦਸੇ ਦੀ ਤਾਰੀਖ਼ ਤੋਂ ਵੱਧ ਤੋਂ ਵੱਧ ਸੱਤ ਦਿਨਾਂ ਤੱਕ 1.50 ਲੱਖ ਰੁਪਏ ਦਾ ਕੈਸ਼ਲੈੱਸ ਇਲਾਜ ਮੁਹੱਈਆ ਕਰਵਾਇਆ ਜਾਂਦਾ ਹੈ।

- **ਸੜਕ ਹਾਦਸਾ ਪੀੜਤਾਂ ਨੂੰ ਸਮੇਂ ਸਿਰ ਕੈਸ਼ਲੈੱਸ ਇਲਾਜ ਮੁਹੱਈਆ ਕਰਵਾਉਣ ਲਈ ਪ੍ਰਸ਼ਾਸਨ ਵਚਨਬੱਧ: ਆਸ਼ਿਕਾ ਜੈਨ**



ਹਾਦਸੇ ਤੋਂ ਬਾਅਦ ਪਹਿਲੇ 24 ਤੋਂ 48 ਘੰਟੇ, ਜਿਨ੍ਹਾਂ ਨੂੰ ਗੋਲਡਨ ਆਵਰ ਕਿਹਾ ਜਾਂਦਾ ਹੈ, ਜਾਨ ਬਚਾਉਣ ਲਈ ਬਹੁਤ ਮਹੱਤਵਪੂਰਨ ਹੁੰਦੇ ਹਨ। ਇਸ ਲਈ ਜ਼ਖ਼ਮੀ ਵਿਅਕਤੀ ਨੂੰ ਤੁਰੰਤ ਨੇੜਲੇ ਸੂਚੀਬੱਧ ਹਸਪਤਾਲ ਵਿੱਚ ਪਹੁੰਚਾਉਣਾ ਚਾਹੀਦਾ ਹੈ।

ਉਨ੍ਹਾਂ ਦੱਸਿਆ ਕਿ ਸੜਕ ਹਾਦਸੇ ਵਿੱਚ ਜ਼ਖ਼ਮੀ ਹੋਣ ਵਾਲਾ ਹਰੇਕ ਭਾਰਤੀ ਅਤੇ ਵਿਦੇਸ਼ੀ ਨਾਗਰਿਕ ਇਸ ਸਕੀਮ ਦਾ ਲਾਭ ਲੈਣ ਲਈ ਯੋਗ ਹੈ ਅਤੇ ਇਸ ਲਈ ਵਾਹਨ ਦਾ ਬੀਮਾ ਹੋਣਾ ਵੀ ਲਾਜ਼ਮੀ ਨਹੀਂ ਹੈ। ਹਾਦਸੇ ਦੀ ਸਥਿਤੀ ਵਿੱਚ ਐਂਬੂਲੈਂਸ ਅਤੇ ਨੇੜਲੇ ਸੂਚੀਬੱਧ ਹਸਪਤਾਲ ਦੀ ਜਾਣਕਾਰੀ ਲਈ 112 ਹੈਲਪਲਾਈਨ 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਸਕੀਮ ਦਾ ਸੰਚਾਲਨ ਈ-ਡਾਰ ਅਤੇ ਨੈਸ਼ਨਲ ਹੈਲਥ ਅਥਾਰਟੀ ਦੇ ਟੀਐਮਐਸ 2.0 ਪੋਰਟਲ ਰਾਹੀਂ ਕੀਤਾ ਜਾਂਦਾ ਹੈ ਅਤੇ ਇਲਾਜ ਦਾ ਖਰਚਾ ਮੋਟਰ ਵਹੀਕਲ ਐਕਸੀਡੈਂਟ ਫੰਡ ਰਾਹੀਂ ਕੀਤਾ ਜਾਂਦਾ ਹੈ। ਹਿੱਟ ਐਂਡ ਰਨ ਮਾਮਲਿਆਂ ਵਿੱਚ ਇਹ ਖਰਚਾ ਸਰਕਾਰ ਵੱਲੋਂ ਚੁੱਕਿਆ ਜਾਂਦਾ ਹੈ।

ਆਰਟੀਓ ਅਮਨਦੀਪ ਕੌਰ ਘੁੰਮਣ ਨੇ ਰਾਹ-ਵੀਰ (ਗੁੱਡ ਸਮੈਰੀਟਨ) ਸਕੀਮ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਾਦਸੇ ਦੇ ਪਹਿਲੇ 60 ਮਿੰਟਾਂ ਅੰਦਰ ਜ਼ਖ਼ਮੀ ਵਿਅਕਤੀ ਨੂੰ ਹਸਪਤਾਲ ਪਹੁੰਚਾਉਣ ਵਾਲੇ ਮਦਦਗਾਰ ਨੂੰ 25 ਹਜ਼ਾਰ ਰੁਪਏ ਨਕਦ ਇਨਾਮ ਅਤੇ ਪ੍ਰਸ਼ੰਸਾ ਪੱਤਰ ਦਿੱਤਾ ਜਾਂਦਾ ਹੈ। ਇੱਕ ਵਿਅਕਤੀ ਸਾਲ ਵਿੱਚ ਵੱਧ ਤੋਂ ਵੱਧ ਪੰਜ ਵਾਰ ਇਸ ਇਨਾਮ ਦਾ ਲਾਭ ਲੈ ਸਕਦਾ ਹੈ। ਜੇਕਰ ਕਈ ਵਿਅਕਤੀ ਮਿਲ ਕੇ ਮਦਦ ਕਰਦੇ ਹਨ ਤਾਂ ਇਨਾਮੀ ਰਾਸ਼ੀ ਉਨ੍ਹਾਂ ਵਿੱਚ ਬਰਾਬਰ ਵੰਡੀ ਜਾਂਦੀ ਹੈ। ਇਸ ਤੋਂ ਇਲਾਵਾ, ਹਰ ਸਾਲ ਸ਼ਾਨਦਾਰ ਸੇਵਾ ਕਰਨ ਵਾਲੇ ਰਾਹ-ਵੀਰਾਂ ਨੂੰ ਰਾਸ਼ਟਰੀ ਪੱਧਰ 'ਤੇ ਇੱਕ ਲੱਖ ਰੁਪਏ ਅਤੇ ਟਰਾਫੀ ਦੇ ਕੇ ਸਨਮਾਨਿਤ ਕੀਤਾ ਜਾਂਦਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਮਦਦ ਕਰਨ ਵਾਲੇ ਵਿਅਕਤੀ ਨੂੰ ਪੁਲਿਸ ਜਾਂ ਹਸਪਤਾਲ ਵੱਲੋਂ ਬੇਲੋੜੀ ਪੁੱਛਗਿੱਛ, ਐਫਆਈਆਰ ਦਰਜ ਕਰਵਾਉਣ ਜਾਂ ਗਵਾਹ ਬਣਨ ਲਈ ਮਜਬੂਰ ਨਹੀਂ ਕੀਤਾ ਜਾ ਸਕਦਾ। ਜ਼ਖ਼ਮੀ ਨੂੰ ਹਸਪਤਾਲ ਪਹੁੰਚਾਉਣ ਤੋਂ ਬਾਅਦ ਰਾਹ-ਵੀਰ ਆਪਣੀ ਇੱਛਾ ਅਨੁਸਾਰ ਉੱਥੋਂ ਜਾ ਸਕਦਾ ਹੈ।

ਆਰਟੀਓ ਅਮਨਦੀਪ ਕੌਰ ਘੁੰਮਣ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸੜਕ ਸੁਰੱਖਿਆ ਨਿਯਮਾਂ ਦੀ ਪਾਲਣਾ ਕਰਨ ਅਤੇ ਹਾਦਸੇ ਦੀ ਸਥਿਤੀ ਵਿੱਚ ਮਨੁੱਖਤਾ ਦਾ ਸਬੂਤ ਦਿੰਦਿਆਂ ਜ਼ਖ਼ਮੀਆਂ ਦੀ ਮਦਦ ਲਈ ਅੱਗੇ ਆਉਣ। ਉਨ੍ਹਾਂ ਕਿਹਾ ਕਿ ਸਮੇਂ ਸਿਰ ਕੀਤੀ ਗਈ ਮਦਦ ਕਿਸੇ ਦੀ ਅਨਮੋਲ ਜਾਨ ਬਚਾ ਸਕਦੀ ਹੈ।

ਭਾਜਪਾ-ਅਕਾਲੀ ਗੱਠਜੋੜ ਨਾਲ ਮਜ਼ਬੂਤ ਹੋਵੇਗਾ ਹਿੰਦੂ-ਸਿੱਖ ਭਾਈਚਾਰਾ, ਨਸ਼ਾ ਮੁਕਤ ਪੰਜਾਬ ਦਾ ਸੰਕਲਪ ਹੋਵੇਗਾ ਸਾਕਾਰ : ਨਿਪੁੰਨ ਸ਼ਰਮਾ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਭਾਰਤੀ ਜਨਤਾ ਪਾਰਟੀ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਨਿਪੁੰਨ ਸ਼ਰਮਾ ਨੇ ਭਾਜਪਾ ਅਤੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਮੁੜ ਗੱਠਜੋੜ ਦਾ ਨਿੱਘਾ ਸਵਾਗਤ ਕਰਦਿਆਂ ਦੋਵਾਂ ਪਾਰਟੀਆਂ ਦੀ ਸਿਖਰਲੀ ਲੀਡਰਸ਼ਿਪ ਨੂੰ ਵਧਾਈ ਅਤੇ ਸ਼ੁਭਕਾਮਨਾਵਾਂ ਦਿੱਤੀਆਂ।

ਨਿਪੁਣ ਸ਼ਰਮਾ ਨੇ ਕਿਹਾ ਕਿ ਭਾਜਪਾ ਅਤੇ ਅਕਾਲੀ ਦਲ ਦਾ ਮੁੜ ਇਕੱਠੇ ਹੋਣਾ ਪੰਜਾਬ ਲਈ ਇੱਕ ਸਕਾਰਾਤਮਕ ਕਦਮ ਹੈ। ਇਹ ਗੱਠਜੋੜ ਸੂਬੇ ਵਿੱਚ ਹਿੰਦੂ-ਸਿੱਖ ਭਾਈਚਾਰੇ ਨੂੰ ਹੋਰ ਮਜ਼ਬੂਤ ਕਰੇਗਾ ਅਤੇ ਆਪਸੀ ਸਦਭਾਵਨਾ, ਅਮਨ ਅਤੇ ਏਕਤਾ ਦੀ ਭਾਵਨਾ ਨੂੰ ਨਵੀਂ ਊਰਜਾ ਦੇਵੇਗਾ।

ਉਨ੍ਹਾਂ ਕਿਹਾ ਕਿ ਪੰਜਾਬ ਦੀ ਧਰਤੀ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ, ਆਪਸੀ ਪਿਆਰ ਅਤੇ ਸਾਂਝੀ ਵਿਰਾਸਤ ਦੀ ਪ੍ਰਤੀਕ ਹੈ। ਇਹ ਗੱਠਜੋੜ ਸੂਬੇ ਦੀ ਇਸ ਮਾਣਮੱਤੀ ਪਰੰਪਰਾ ਨੂੰ ਹੋਰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗਾ।

ਸਾਬਕਾ ਜ਼ਿਲ੍ਹਾ ਪ੍ਰਧਾਨ ਨਿਪੁੰਨ ਸ਼ਰਮਾ ਨੇ ਕਿਹਾ ਕਿ ਇਸ ਗੱਠਜੋੜ ਦੀ ਪਹਿਲ ਨਾਲ ਨਸ਼ਾ ਮੁਕਤ ਪੰਜਾਬ ਦੇ ਸੰਕਲਪ ਨੂੰ ਨਵੀਂ ਤਾਕਤ ਮਿਲੇਗੀ। ਨਿਪੁਣ ਸ਼ਰਮਾ ਨੇ ਕਿਹਾ ਕਿ ਅੱਜ ਇੱਕ ਵਾਰ ਫਿਰ



ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨੇ 31 ਦਸੰਬਰ 2029 ਤੱਕ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦਾ ਆਪਣਾ ਸੰਕਲਪ ਦੁਹਰਾਇਆ ਹੈ। ਇਹ ਪੰਜਾਬ ਦੇ ਨੌਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਆਸ ਦਾ ਸੁਨੇਹਾ ਹੈ।

ਉਨ੍ਹਾਂ ਕਿਹਾ ਕਿ ਨਸ਼ਾ ਪੰਜਾਬ ਦੀ ਨੌਜਵਾਨ ਪੀੜ੍ਹੀ ਦੇ ਭਵਿੱਖ ਲਈ ਇੱਕ ਗੰਭੀਰ ਚੁਣੌਤੀ ਹੈ। ਇਸ ਨੂੰ ਖ਼ਤਮ ਕਰਨ ਲਈ ਠੋਸ ਯਤਨਾਂ, ਪ੍ਰਭਾਵਸ਼ਾਲੀ ਕਾਰਵਾਈ ਅਤੇ ਲੋਕਾਂ ਦੀ ਸ਼ਮੂਲੀਅਤ ਦੀ ਲੋੜ ਹੈ। ਭਾਜਪਾ-ਅਕਾਲੀ ਦਲ ਦਾ ਗੱਠਜੋੜ ਇਸ ਦਿਸ਼ਾ ਵਿੱਚ ਇੱਕ ਮਜ਼ਬੂਤ ਲੋਕ ਲਹਿਰ ਖੜ੍ਹੀ ਕਰਨ ਵਿੱਚ ਸਹਾਈ ਸਿੱਧ ਹੋਵੇਗਾ।

ਨਿਪੁੰਨ ਸ਼ਰਮਾ ਨੇ ਭਰੋਸਾ ਪ੍ਰਗਟਾਇਆ ਕਿ 2027 ਵਿੱਚ ਪੰਜਾਬ ਵਿੱਚ ਭਾਜਪਾ-ਅਕਾਲੀ ਦਲ ਦੀ ਸਰਕਾਰ ਬਣੇਗੀ ਅਤੇ ਸੂਬਾ ਇੱਕ ਵਾਰ ਫਿਰ ਵਿਕਾਸ ਤੇ ਖ਼ੁਸ਼ਹਾਲੀ ਦੇ ਰਾਹ 'ਤੇ ਅੱਗੇ ਵਧੇਗਾ। ਉਨ੍ਹਾਂ ਕਿਹਾ ਕਿ ਭਾਜਪਾ-ਅਕਾਲੀ ਗੱਠਜੋੜ ਦੀ ਅਗਵਾਈ ਹੇਠ ਪੰਜਾਬ ਨੂੰ ਦੇਸ਼ ਦਾ ਨੰਬਰ ਇੱਕ ਸੂਬਾ ਬਣਾਉਣ ਦਾ ਸੰਕਲਪ ਸਾਕਾਰ ਹੋਵੇਗਾ।

ਸ਼ਰਮਾ ਨੇ ਕਿਹਾ ਕਿ ਪੰਜਾਬ ਦੀ ਜਨਤਾ ਵੀ ਇਸ ਸਕਾਰਾਤਮਕ ਪਹਿਲ ਦਾ ਸਵਾਗਤ ਕਰੇਗੀ ਅਤੇ ਸੂਬੇ ਨੂੰ ਮੁੜ ਤਰੱਕੀ ਦੇ ਰਾਹ 'ਤੇ ਅੱਗੇ ਵਧਾਉਣ ਵਿੱਚ ਆਪਣਾ ਯੋਗਦਾਨ ਪਾਏਗੀ।

ਪੰਜਾਬ 'ਚ ਵੱਡਾ ਸਿਆਸੀ ਧਮਾਕਾ, ਬਲਾਚੌਰ ਤੋਂ ਹਨੀ ਟੌਂਸਾ ਨੇ ਕਿਹਾ ਹੁਣ ਪੰਜਾਬ ਬਦਲੇਗਾ

ਪੈ.ਗਾਮ-ਏ-ਜਗਤ
ਬਲਾਚੌਰ, 24 ਨਵੰਬਰ (ਜਤਿੰਦਰਪਾਲ ਸਿੰਘ ਕਲੇਰ)

ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਦੇ ਗਠਜੋੜ ਨੇ ਪੰਜਾਬ ਦੀ ਸਿਆਸਤ ਦਾ ਨਕਸ਼ਾ ਹੀ ਬਦਲ ਦਿੱਤਾ ਹੈ। ਗਠਜੋੜ ਦੇ ਐਲਾਨ ਤੋਂ ਬਾਅਦ ਬਲਾਚੌਰ ਹਲਕਾ ਸਿਆਸੀ ਚਰਚਾ ਦਾ ਕੇਂਦਰ ਬਣ ਗਿਆ ਹੈ।



ਹਲਕਾ ਇੰਚਾਰਜ ਬਲਾਚੌਰ ਹਨੀ ਟੌਂਸਾ ਨੇ ਗਠਜੋੜ ਨੂੰ ਪੰਜਾਬ ਦੇ ਸੁਨਹਿਰੀ ਭਵਿੱਖ ਦਾ ਆਗਾਜ਼ ਕਰਾਰ ਦਿੰਦਿਆਂ ਸਮੂਹ ਪੰਜਾਬੀਆਂ ਨੂੰ ਲੱਖ-ਲੱਖ ਵਧਾਈਆਂ ਦਿੱਤੀਆਂ। ਉਨ੍ਹਾਂ ਕਿਹਾ ਕਿ ਇਹ ਫੈਸਲਾ ਸਮੇਂ ਦੀ ਲੋੜ ਸੀ ਅਤੇ ਪੰਜਾਬ ਦੇ ਲੋਕ ਇਸ ਗਠਜੋੜ ਦਾ ਬੇਸਬਰੀ ਨਾਲ ਇੰਤਜ਼ਾਰ ਕਰ ਰਹੇ ਸਨ। ਹਨੀ ਟੌਂਸਾ ਨੇ ਕਿਹਾ ਕਿ ਹੁਣ ਬਲਾਚੌਰ ਵਿੱਚ ਅਕਾਲੀ ਦਲ ਅਤੇ ਭਾਜਪਾ ਦੇ ਵਰਕਰ ਇੱਕ ਮੰਚ 'ਤੇ ਆ ਕੇ ਪਾਰਟੀ ਨੂੰ ਮਜ਼ਬੂਤ ਕਰਨਗੇ ਅਤੇ ਹਲਕੇ ਦੇ ਵਿਕਾਸ ਲਈ ਸਾਂਝੀ ਲੜਾਈ ਲੜਨਗੇ। ਉਨ੍ਹਾਂ ਕਿਹਾ ਕਿ ਗਠਜੋੜ ਨਾਲ ਜਿੱਥੇ ਜਥੇਬੰਦੀ ਨੂੰ ਨਵੀਂ ਤਾਕਤ ਮਿਲੇਗੀ, ਉੱਥੇ ਹੀ ਵਿਰੋਧੀਆਂ ਦੀਆਂ ਚਿੰਤਾਵਾਂ ਵੀ ਵਧ ਗਈਆਂ ਹਨ। ਗਠਜੋੜ ਦੇ ਐਲਾਨ ਨਾਲ ਬਲਾਚੌਰ ਦੇ ਵਰਕਰਾਂ ਵਿੱਚ ਜੋਸ਼ ਚਰਮ 'ਤੇ ਹੈ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਹਲਕੇ ਦੀ ਸਿਆਸਤ ਪੂਰੀ ਤਰ੍ਹਾਂ ਗਰਮਾ ਗਈ ਹੈ।

ਰੈਡ ਕਰਾਸ ਨਸ਼ਾ ਛੁਡਾਊ ਅਤੇ ਏਕੀਕ੍ਰਿਤ ਕੇਂਦਰ ਨਵਾਂਸ਼ਹਿਰ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ

ਪੈ.ਗਾਮ-ਏ-ਜਗਤ/ਨਵਾਂਸ਼ਹਿਰ (ਦੇਸ ਰਾਜ ਬਾਲੀ)

*ਰੈਡ ਕ੍ਰਾਸ ਨਸ਼ਾ ਛੁਡਾਊ ਤੇ ਏਕੀਕ੍ਰਿਤ ਤੇ ਮੁੜ ਵਸੇਬਾ ਕੇਂਦਰ ਧਮਸ਼ਾਲਾ ਚੁਕਾਂ ਮੁਹੱਲਾ ਜੇਲਵੇ ਰੋਡ ਨਵਾਂ ਸ਼ਹਿਰ ਵਿਖੇ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ 557 ਸਾਲਾ ਪ੍ਰਕਾਸ਼ ਪੁਰਬ ਮਨਾਇਆ ਗਿਆ। ਇਸ ਮੌਕੇ ਮਾਃ ਗਰਿੰਦਰ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਗਰਿੰਦਰ ਸਿੰਘ ਨੇ ਸੰਸਥਾ ਵਿੱਚ ਦਾਖਲ ਨੌਜਵਾਨ ਮਰੀਜ਼ਾਂ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗਏ ਭੋਏ ਦੀ ਤਲਵੰਡੀ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਤੋਂ ਲੈ ਕੇ ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਤੱਕ ਦੇ ਸਫਰ ਦੀ ਪੰਛੀ ਝਾਤ ਰਾਹੀਂ ਸਾਂਝ ਪਾਈ। ਗਰਿੰਦਰ ਸਿੰਘ ਵਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜਨਮ,ਪਾਂਧੇ ਤੋਂ ਵਿੱਦਿਆ ਹਾਸਿਲ ਤੇ ਅਤੇ ਪਿਤਾ ਕਲਿਆਣ ਦਾਸ ਦੇ ਕਹਿਣ ਤੇ ਸੱਚੇ ਸੌਦੇ ਤੋਂ ਲੈ ਕੇ ਸੁਲਤਾਨਪੁਰ ਲੋਧੀ ਦੇ ਸਮੇਂ ਵਰਤੇ ਕੌਤਕਾਂ

ਪੰਚਭੀਸ਼ਮ ਅਤੇ ਕੋਟੀ ਗਾਇਤਰੀ ਮਹਾਯੱਗ ਦੀ ਪੂਰਨਾਹੂਤੀ ਵਿੱਚ ਸ਼ਾਮਲ ਹੋਏ ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ

ਊਨਾ, 24 ਨਵੰਬਰ (ਪੈ.ਗਾਮ-ਏ-ਜਗਤ)

ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਨੇ ਅੱਜ ਕੁਟਲੈਹੜ ਵਿਧਾਨ ਸਭਾ ਹਲਕੇ ਦੇ ਪ੍ਰਸਿੱਧ ਧਾਰਮਿਕ ਅਤੇ ਇਤਿਹਾਸਕ ਅਸਥਾਨ ਡੇਰਾ ਬਾਬਾ ਰੁਦਰਾਨੰਦ ਧਾਮ, ਨਾਰੀ ਵਿਖੇ ਕਰਵਾਏ ਗਏ ਪੰਚਭੀਸ਼ਮ ਮਹਾਪਰਵ ਅਤੇ ਕੋਟੀ ਗਾਇਤਰੀ



- **ਡੇਰਾ ਬਾਬਾ ਰੁਦਰਾਨੰਦ ਧਾਮ ਉੱਤਰੀ ਭਾਰਤ ਵਿੱਚ ਸਨਾਤਨ ਸੰਸਕ੍ਰਿਤੀ ਅਤੇ ਅਧਿਆਤਮ ਦਾ ਪ੍ਰਮੁੱਖ ਕੇਂਦਰ : ਮੁਕੇਸ਼ ਅਗਨੀਹੋਤਰੀ**

ਮਹਾਯੱਗ ਦੀ ਪੂਰਨਾਹੂਤੀ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਉਨ੍ਹਾਂ ਨੇ ਵਿਧੀਵਤ ਪੂਜਾ-ਅਰਚਨਾ ਕੀਤੀ ਅਤੇ ਯੱਗ ਵਿੱਚ ਪੂਰਨਾਹੂਤੀ ਪਾ ਕੇ ਸੂਬਾ ਵਾਸੀਆਂ ਦੀ ਸੁੱਖ-ਸਮ੍ਰਿੱਧੀ, ਸ਼ਾਂਤੀ ਅਤੇ ਖੁਸ਼ਹਾਲੀ ਦੀ ਕਾਮਨਾ ਕੀਤੀ। ਉਨ੍ਹਾਂ ਨੇ ਡੇਰੇ ਦੇ ਗੱਦੀਨਸ਼ੀਨ ਸ਼੍ਰੀ ਸ਼੍ਰੀ 1008 ਵੇਦਾਂਤਾਚਾਰੀਆ ਵਿਦਿਆਲੰਕਾਰ ਸਵਾਮੀ ਹੇਮਾਨੰਦ ਜੀ ਮਹਾਰਾਜ ਤੋਂ ਆਸ਼ੀਰਵਾਦ ਵੀ ਪ੍ਰਾਪਤ ਕੀਤਾ।

ਇਸ ਮੌਕੇ ਉਪ ਮੁੱਖ ਮੰਤਰੀ ਨੇ ਕਿਹਾ ਕਿ ਡੇਰਾ ਬਾਬਾ ਰੁਦਰਾਨੰਦ ਧਾਮ ਉੱਤਰੀ ਭਾਰਤ ਦਾ ਇੱਕ ਬਹੁਤ ਹੀ ਪ੍ਰਮੁੱਖ ਧਾਰਮਿਕ ਅਤੇ ਅਧਿਆਤਮਿਕ ਕੇਂਦਰ ਹੈ। ਇਹ ਸਨਾਤਨ ਸੰਸਕ੍ਰਿਤੀ, ਸਾਧਨਾ ਅਤੇ ਅਧਿਆਤਮ ਦੀਆਂ ਅਮੀਰ ਪਰੰਪਰਾਵਾਂ ਦਾ ਮਹੱਤਵਪੂਰਨ ਕੇਂਦਰ ਹੈ, ਜਿੱਥੇ ਦੇਸ਼-ਵਿਦੇਸ਼ ਤੋਂ ਸ਼ਰਧਾਲੂ ਧਿਆਨ, ਸਾਧਨਾ ਅਤੇ ਰੂਹਾਨੀ ਸ਼ਾਂਤੀ ਦੀ ਭਾਲ ਵਿੱਚ ਪਹੁੰਚਦੇ ਹਨ। ਇਸ ਪਵਿੱਤਰ ਅਸਥਾਨ ਦੀ ਆਪਣੀ ਵਿਸ਼ੇਸ਼ ਪਛਾਣ ਅਤੇ ਮਾਣਮੱਤੀ ਪਰੰਪਰਾ ਹੈ। ਬ੍ਰਹਮਲੀਨ ਸਵਾਮੀ ਸੁਗਰੀਵਾਨੰਦ ਜੀ ਮਹਾਰਾਜ ਨੂੰ ਨਮਨ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਪਵਿੱਤਰ ਧਾਮ ਉਨ੍ਹਾਂ ਦੀ ਤਪੱਸਿਆ, ਸਾਧਨਾ ਅਤੇ ਆਸ਼ੀਰਵਾਦ ਦੀ ਵਿਰਾਸਤ ਹੈ। ਉਨ੍ਹਾਂ ਦੀ ਤਪੱਸਿਆ ਅਤੇ ਸਮਰਪਣ ਨੇ ਇਸ ਸਥਾਨ ਨੂੰ ਸ਼ਰਧਾ ਅਤੇ ਆਸਥਾ ਦੇ ਵੱਡੇ ਕੇਂਦਰ ਵਜੋਂ ਸਥਾਪਿਤ ਕੀਤਾ। ਅੱਜ ਇਸ ਧਾਮ ਦੀ ਪ੍ਰਤਿਸ਼ਠਾ ਅਤੇ ਅਧਿਆਤਮਿਕ ਪਛਾਣ ਨੂੰ ਅੱਗੇ ਵਧਾਉਣ ਵਿੱਚ ਸਵਾਮੀ ਹੇਮਾਨੰਦ ਜੀ ਮਹਾਰਾਜ ਦਾ ਮਹੱਤਵਪੂਰਨ ਯੋਗਦਾਨ ਹੈ। ਉਨ੍ਹਾਂ ਕਿਹਾ ਕਿ ਇਸ ਪਵਿੱਤਰ ਅਸਥਾਨ 'ਤੇ ਕਰਵਾਏ ਗਏ ਮਹਾਯੱਗ ਦੀ ਪੂਰਨਾਹੂਤੀ ਵਿੱਚ ਸ਼ਾਮਲ ਹੋਣਾ ਉਨ੍ਹਾਂ ਲਈ ਵਿਸ਼ੇਸ਼ ਮਹੱਤਵ ਅਤੇ ਸ਼ਰਧਾ ਦਾ ਵਿਸ਼ਾ ਹੈ। ਮੁਕੇਸ਼ ਅਗਨੀਹੋਤਰੀ ਨੇ ਕਿਹਾ ਕਿ ਹਿਮਾਚਲ ਪ੍ਰਦੇਸ਼ ਦੇਵਭੂਮੀ ਹੈ ਅਤੇ ਇੱਥੋਂ ਦੀਆਂ ਧਾਰਮਿਕ ਅਤੇ ਅਧਿਆਤਮਿਕ ਪਰੰਪਰਾਵਾਂ ਸਾਡੀ ਸੱਭਿਆਚਾਰਕ ਪਛਾਣ ਦਾ ਅਟੁੱਟ ਹਿੱਸਾ ਹਨ। ਪੰਚਭੀਸ਼ਮ ਮਹਾਪਰਵ ਅਤੇ ਕੋਟੀ ਗਾਇਤਰੀ ਮਹਾਯੱਗ ਵਰਗੇ ਸਮਾਗਮ ਭਾਰਤੀ ਸਨਾਤਨ ਪਰੰਪਰਾ ਦੀ ਅਮੀਰ ਵਿਰਾਸਤ ਨੂੰ ਦਰਸਾਉਂਦੇ ਹਨ। ਅਜਿਹੇ ਧਾਰਮਿਕ ਅਨੁਸ਼ਠਾਨਾਂ ਨਾਲ ਸਮਾਜ ਵਿੱਚ ਸਕਾਰਾਤਮਕ ਊਰਜਾ, ਆਪਸੀ ਭਾਈਚਾਰੇ, ਸਦਭਾਵਨਾ ਅਤੇ ਅਧਿਆਤਮਿਕ ਚੇਤਨਾ ਦਾ ਸੰਚਾਰ ਹੁੰਦਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਪਰੰਪਰਾਵਾਂ ਦੀ ਸੰਭਾਲ ਕਰਨਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣਾ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।

ਉਪ ਮੁੱਖ ਮੰਤਰੀ ਨੇ ਮਹਾਯੱਗ ਦੇ ਸਫਲ ਆਯੋਜਨ ਲਈ ਡੇਰਾ ਪ੍ਰਬੰਧਕਾਂ ਅਤੇ ਪ੍ਰਬੰਧਕ ਕਮੇਟੀ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਸਮਾਗਮ ਸਮਾਜ ਨੂੰ ਅਧਿਆਤਮਿਕ ਤੌਰ 'ਤੇ ਜੋੜਨ ਦੇ ਨਾਲ-ਨਾਲ ਸਾਡੀ ਸੱਭਿਆਚਾਰਕ ਵਿਰਾਸਤ ਨੂੰ ਵੀ ਮਜ਼ਬੂਤੀ ਪ੍ਰਦਾਨ ਕਰਦੇ ਹਨ।

ਇਸ ਮੌਕੇ ਕੁਟਲੈਹੜ ਦੇ ਵਿਧਾਇਕ ਵਿਵੇਕ ਸ਼ਰਮਾ, ਪ੍ਰਦੇਸ਼ ਕਾਂਗਰਸ ਕਮੇਟੀ ਦੇ ਜਨਰਲ ਸਕੱਤਰ ਰਣਜੀਤ ਰਾਣਾ, ਬਲਾਕ ਕਾਂਗਰਸ ਕਮੇਟੀ ਦੇ ਪ੍ਰਧਾਨ ਸੰਦੀਪ ਅਗਨੀਹੋਤਰੀ, ਐਸ.ਟੀ.ਏ. ਮੈਂਬਰ ਅਸ਼ੋਕ ਠਾਕੁਰ, ਪ੍ਰਮੋਦ ਕੁਮਾਰ ਸਮੇਤ ਹੋਰ ਪਤਵੰਤੇ ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਮੌਜੂਦ ਰਹੇ। ਸਾਰਿਆਂ ਨੇ ਧਾਰਮਿਕ ਸਮਾਗਮ ਵਿੱਚ ਸ਼ਮੂਲੀਅਤ ਕਰਦਿਆਂ ਯੱਗ ਵਿੱਚ ਆਹੂਤੀਆਂ ਪਾਈਆਂ।

ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਅੱਜ ਵੀ ਸਮੁੱਚੀ ਮਨੁੱਖਤਾ ਨੂੰ ਪ੍ਰੇਮ, ਭਾਈਚਾਰੇ ਅਤੇ ਸੇਵਾ ਦਾ ਮਾਰਗ ਦਿਖਾਉਂਦੀਆਂ ਹਨ: ਮੁਕੇਸ਼ ਅਗਨੀਹੋਤਰੀ

ਊਨਾ, 24 ਨਵੰਬਰ (ਪੈ.ਗਾਮ-ਏ-ਜਗਤ)

ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਨੇ ਮੰਗਲਵਾਰ ਨੂੰ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ 557ਵੇਂ ਪ੍ਰਕਾਸ਼ ਪੁਰਬ ਦੇ ਪਵਿੱਤਰ ਮੌਕੇ 'ਤੇ ਊਨਾ ਸਥਿਤ ਇਤਿਹਾਸਕ ਕਿਲ੍ਹਾ ਬਾਬਾ ਸਾਹਿਬ ਸਿੰਘ ਬੇਦੀ ਵਿਖੇ ਮੱਥਾ ਟੇਕ ਕੇ ਸੂਬਾ ਵਾਸੀਆਂ ਦੀ ਸੁੱਖ, ਸ਼ਾਂਤੀ ਅਤੇ ਖੁਸ਼ਹਾਲੀ ਲਈ ਅਰਦਾਸ ਕੀਤੀ। ਇਸ ਮੌਕੇ ਉਨ੍ਹਾਂ ਨੇ ਊਨਾ ਸ਼ਹਿਰ ਦੇ ਮੋਢੀ ਅਤੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਵੰਸ਼ਜ ਬਾਬਾ ਸਰਬਜੋਤ ਸਿੰਘ ਬੇਦੀ ਨਾਲ ਮੁਲਾਕਾਤ ਕਰਕੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ।

- **ਉਪ ਮੁੱਖ ਮੰਤਰੀ ਨੇ ਕਿਲ੍ਹਾ ਬਾਬਾ ਸਾਹਿਬ ਸਿੰਘ ਬੇਦੀ ਵਿਖੇ ਮੱਥਾ ਟੇਕ ਕੇ ਸੂਬਾ ਵਾਸੀਆਂ ਦੀ ਸੁੱਖ-ਸ਼ਾਂਤੀ ਅਤੇ ਖੁਸ਼ਹਾਲੀ ਲਈ ਕੀਤੀ ਅਰਦਾਸ**



ਗੁਰਪੁਰਬ ਦੀ ਵਧਾਈ ਦਿੰਦਿਆਂ ਮੁਕੇਸ਼ ਅਗਨੀਹੋਤਰੀ ਨੇ ਕਿਹਾ ਕਿ ਇਸ ਪਵਿੱਤਰ ਮੌਕੇ 'ਤੇ ਇਤਿਹਾਸਕ ਅਤੇ ਰੂਹਾਨੀ ਮਹੱਤਵ ਵਾਲੇ ਅਸਥਾਨ ਕਿਲ੍ਹਾ ਬਾਬਾ ਸਾਹਿਬ ਸਿੰਘ ਬੇਦੀ ਵਿਖੇ ਆਉਣ ਦਾ ਸੁਭਾਗ ਪ੍ਰਾਪਤ ਹੋਇਆ ਹੈ। ਉਨ੍ਹਾਂ ਕਿਹਾ ਕਿ ਬਾਬਾ ਬੇਦੀ ਦਾ ਊਨਾ ਦੇ ਵਿਕਾਸ, ਲੋਕ ਭਲਾਈ ਅਤੇ ਗਰੀਬਾਂ ਦੀ ਸੇਵਾ ਵਿੱਚ ਅਹਿਮ ਯੋਗਦਾਨ ਰਿਹਾ ਹੈ। ਪੰਜਾਬ ਸਮੇਤ ਪੂਰੇ ਉੱਤਰੀ ਭਾਰਤ ਵਿੱਚ ਉਨ੍ਹਾਂ ਦਾ ਵਿਸ਼ੇਸ਼ ਸਤਿਕਾਰ ਹੈ। ਉਨ੍ਹਾਂ ਦੀ ਮੌਜੂਦਗੀ ਨਾਲ ਇਸ ਪਵਿੱਤਰ ਅਸਥਾਨ ਦੀ ਰੂਹਾਨੀ ਮਹੱਤਤਾ ਹੋਰ ਵੀ ਵਧ ਜਾਂਦੀ ਹੈ।

ਉਪ ਮੁੱਖ ਮੰਤਰੀ ਨੇ ਕਿਹਾ ਕਿ ਸ਼੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਅੱਜ ਵੀ ਸਮੁੱਚੀ ਮਨੁੱਖਤਾ ਨੂੰ ਪ੍ਰੇਮ, ਸਮਾਨਤਾ, ਭਾਈਚਾਰੇ ਅਤੇ ਸੇਵਾ ਦਾ ਸੰਦੇਸ਼ ਦਿੰਦੀਆਂ ਹਨ। ਗੁਰੂ ਜੀ ਵੱਲੋਂ ਦਿਖਾਏ ਮਾਰਗ 'ਤੇ ਚੱਲ ਕੇ ਹੀ ਸਮਾਜ ਵਿੱਚ ਆਪਸੀ ਸਦਭਾਵਨਾ ਅਤੇ ਏਕਤਾ ਨੂੰ ਮਜ਼ਬੂਤ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਇਸ ਪਵਿੱਤਰ ਮੌਕੇ ਵੱਡੀ ਗਿਣਤੀ ਵਿੱਚ ਸੰਗਤ ਗੁਰੂ ਚਰਨਾਂ ਵਿੱਚ ਸੀਸ ਨਿਵਾਉਣ ਪਹੁੰਚੀ ਹੈ। ਉਨ੍ਹਾਂ ਸੰਤ ਸਮਾਜ ਅਤੇ ਸਮੂਹ ਸੰਗਤ ਨੂੰ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਕੁਟਲੈਹੜ ਦੇ ਵਿਧਾਇਕ ਵਿਵੇਕ ਸ਼ਰਮਾ ਅਤੇ ਸਾਬਕਾ ਵਿਧਾਇਕ ਸਤਪਾਲ ਰਾਏਜ਼ਾਦਾ ਵੀ ਮੌਜੂਦ ਰਹੇ। ਬਾਬਾ ਸਰਬਜੋਤ ਸਿੰਘ ਬੇਦੀ ਨੇ ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ, ਵਿਧਾਇਕ ਵਿਵੇਕ ਸ਼ਰਮਾ ਅਤੇ ਸਾਬਕਾ ਵਿਧਾਇਕ ਸਤਪਾਲ ਰਾਏਜ਼ਾਦਾ ਨੂੰ ਸਿਰੋਪੇ ਭੇਟ ਕਰਕੇ ਸਨਮਾਨਿਤ ਕੀਤਾ। ਇਸ ਤੋਂ ਪਹਿਲਾਂ ਸਵੇਰੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਰਾਗੀ ਜਥਿਆਂ ਨੇ ਗੁਰਬਾਣੀ ਦੇ ਸ਼ਬਦ ਕੀਰਤਨ ਅਤੇ ਕਥਾ ਰਾਹੀਂ ਸੰਗਤ ਨੂੰ ਸ਼੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਅਤੇ ਜੀਵਨ ਦਰਸ਼ਨ ਤੋਂ ਜਾਣੂ ਕਰਵਾਇਆ। ਬਾਬਾ ਸਰਬਜੋਤ ਸਿੰਘ ਬੇਦੀ ਨੇ ਆਪਣੇ ਪ੍ਰਵਚਨਾਂ ਵਿੱਚ ਸੰਗਤ ਨੂੰ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਦਰਸਾਏ ਮਾਰਗ 'ਤੇ ਚੱਲਣ ਅਤੇ 'ਕਿਰਤ ਕਰੋ, ਵੰਡ ਛਕੋ ਅਤੇ ਨਾਮ ਜਪੋ' ਦੇ ਸਿਧਾਂਤਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਸਰਬ-ਸਾਂਝੀਵਾਲਤਾ ਦਾ ਸੰਦੇਸ਼ ਆਪਸੀ ਪ੍ਰੇਮ ਅਤੇ ਭਾਈਚਾਰੇ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਸਮੁੱਚੀ ਦੁਨੀਆ ਨੂੰ ਸਹੀ ਦਿਸ਼ਾ ਦੇਣ ਦੇ ਸਮਰੱਥ ਹੈ।

ਗੁਰਦੁਆਰਾ ਗਿਡਗਿਡਾ ਸਾਹਿਬ ਟਾਹਲੀਵਾਲ ਵਿਖੇ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

ਪੈ.ਗਾਮ-ਏ-ਜਗਤ/ਟਾਹਲੀਵਾਲ/ਊਨਾ
24 ਨਵੰਬਰ (ਰਾਜਵੀਰ ਚੋਪੜਾ)

ਗੁਰਦੁਆਰਾ ਗਿਡਗਿਡਾ ਸਾਹਿਬ ਟਾਹਲੀਵਾਲ ਵਿਖੇ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਬੜੀ ਧੂਮਧਾਮ ਅਤੇ ਸ਼ਰਧਾ-ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਵਿਸ਼ੇਸ਼ ਧਾਰਮਿਕ ਸਮਾਗਮ ਅਤੇ ਕੀਰਤਨ ਦਰਬਾਰ ਸਜਾਇਆ ਗਿਆ।



ਇਸ ਮੌਕੇ ਬਾਬਾ ਕੁਲਵਿੰਦਰ ਸਿੰਘ ਨੇ ਗੁਰਬਾਣੀ ਦਾ ਗੁਣਗਾਨ ਕਰਕੇ ਸੰਗਤ ਨੂੰ ਗੁਰੂ ਚਰਨਾਂ ਨਾਲ ਜੋੜਿਆ। ਗੁਰਬਾਣੀ ਕੀਰਤਨ ਨਾਲ ਸਮੁੱਚਾ ਗੁਰਦੁਆਰਾ ਸਾਹਿਬ ਭਗਤੀਮਈ ਮਾਹੌਲ ਵਿੱਚ ਗੂੰਜ ਉੱਠਿਆ। ਵੱਡੀ ਗਿਣਤੀ ਵਿੱਚ ਸੰਗਤ ਨੇ ਗੁਰਦੁਆਰਾ ਸਾਹਿਬ ਪਹੁੰਚ ਕੇ ਮੱਥਾ ਟੇਕਿਆ ਅਤੇ ਕੀਰਤਨ ਦਾ ਸਰਵਣ ਕੀਤਾ। ਸਮਾਗਮ ਦੌਰਾਨ ਸੰਗਤ ਲਈ ਗੁਰੂ ਕਾ ਅਤੁੱਟ ਲੰਗਰ ਵੀ ਵਰਤਾਇਆ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪ੍ਰਕਾਸ਼ ਪੁਰਬ ਮੌਕੇ ਪਹੁੰਚੀ ਸਮੂਹ ਸੰਗਤ ਦਾ ਧੰਨਵਾਦ ਕੀਤਾ। ਸੁਰੇਸ਼ ਸਿੰਘ, ਇੰਦਰ ਸਿੰਘ, ਗੁਰਦਿਆਲ ਸਿੰਘ, ਗੌਰਵ ਰਾਣਾ ਅਤੇ ਹੋਰ ਸੇਵਾਦਾਰ ਹਾਜ਼ਰ ਸਨ।

ਜ਼ਿਲ੍ਹੇ ਵਿਚ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਅਤੇ ਉਤਸ਼ਾਹ ਨਲ ਮਨਾਇਆ ਗਿਆ

ਪੈ.ਗਾਮ-ਏ-ਜਗਤ/ਅੰਬਾਲਾ
24 ਨਵੰਬਰ (ਆਰ.ਸਿੰਘ)

ਅੱਜ ਅੰਬਾਲਾ ਜ਼ਿਲ੍ਹੇ ਵਿੱਚ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ।



ਸ਼ਹਿਰ ਦੇ ਇਤਿਹਾਸਕ ਗੁਰਦੁਆਰਿਆਂ ਗੁਰਦੁਆਰਾ ਬਾਦਸ਼ਾਹੀ ਬਾਗ, ਗੁਰਦੁਆਰਾ ਮੰਜੀ ਸਾਹਿਬ, ਪੰਜੋਖਰਾ ਸਾਹਿਬ, ਸੈਕਟਰ 10 ਅਤੇ ਸ਼ਹਿਰ ਅਤੇ ਛਾਉਣੀ ਖੇਤਰਾਂ ਦੇ ਸਾਰੇ ਗੁਰਦੁਆਰਿਆਂ ਵਿੱਚ ਦੀਵਾਨ ਸਜਾਏ ਗਏ ਅਤੇ ਲੰਗਰ ਵਰਤਾਏ ਗਏ। ਵੱਖ-ਵੱਖ ਥਾਵਾਂ ਤੋਂ ਆਏ ਰਾਗੀ ਅਤੇ ਢਾਡੀ ਜਥਿਆਂ ਨੇ ਕਥਾ ਅਤੇ ਕੀਰਤਨ ਨਾਲ ਸ਼ਰਧਾਲੂਆਂ ਨੂੰ ਨਿਹਾਲ ਕੀਤਾ। ਅੰਬਾਲਾ ਸ਼ਹਿਰ ਦੇ ਸੈਕਟਰ 8, 9 ਅਤੇ 10 ਦੇ ਗੁਰਦੁਆਰਾ ਸਾਹਿਬ ਵਿਚ ਵੀ ਪ੍ਰਕਾਸ਼ ਪੁਰਬ ਧੂਮਧਾਮ ਨਾਲ ਮਨਾਇਆ ਗਿਆ। ਸਵੇਰੇ ਦੀਵਾਨ ਸਜਾਏ ਗਏ ਅਤੇ ਲੰਗਰ ਵਰਤਾਇਆ ਗਿਆ। ਹਜ਼ਾਰਾਂ ਲੋਕਾਂ ਨੇ ਦੀਵਾਨਾਂ ਵਿਚ ਪਹੁੰਚ ਕੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਅੱਗੇ ਆਪਣੇ ਸੀਸ ਝੁਕਾਏ ਅਤੇ ਗੁਰੂ ਦੀਆਂ ਅਪਾਰ ਖੁਸ਼ੀਆਂ ਹਾਸਲ ਕੀਤੀਆਂ। ਅੰਬਾਲਾ ਸ਼ਹਿਰ ਦੇ ਗੁਰਦੁਆਰਾ ਬਾਦਸ਼ਾਹੀ ਬਾਗ ਵਿਖੇ ਸ਼ਾਮ ਨੂੰ ਵੀ ਦੀਵਾਨ ਸਜਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦੇ ਹੋਏ ਟੀਪੀ ਸਿੰਘ, ਡਾ. ਭੁਪਿੰਦਰ ਸਿੰਘ ਅਤੇ ਮੈਂਬਰ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਐਡਵੋਕੇਟ ਗੁਰਤੇਜ ਸਿੰਘ ਅੰਟਾਲ ਨੇ ਦੱਸਿਆ ਕਿ ਗੁਰਦੁਆਰਾ ਮੰਜੀ ਸਾਹਿਬ ਵਿਖੇ ਸਵੇਰੇ 9 ਵਜੇ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ ਦੀਵਾਨ ਆਰੰਭ ਹੋਇਆ। ਇਸ ਦੌਰਾਨ ਰਾਗੀ ਅਤੇ ਢਾਡੀ ਜਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਨਿਹਾਲ ਕੀਤਾ। ਇਸ ਮੌਕੇ ਤੇ ਇੱਕ ਖ਼ੂਨਦਾਨ ਕੈਂਪ ਵੀ ਲਾਇਆ ਗਿਆ ਜਿਸ ਦਾ ਉਦਘਾਟਨ ਬਤੌਰ ਮੁੱਖ ਮਹਿਮਾਨ ਅੰਬਾਲਾ ਦੇ ਐਸ.ਪੀ ਅਜੀਤ ਸਿੰਘ ਸ਼ੇਖਾਵਤ ਨੇ ਕੀਤਾ। ਇਸ ਮੌਕੇ ਚਾਲੀ ਯੂਨਿਟ ਖ਼ੂਨ ਇਕੱਠਾ ਕੀਤਾ ਗਿਆ। ਕੈਂਪ ਵਿੱਚ ਲਗਭਗ 470 ਲੋਕਾਂ ਦੀ ਜਾਂਚ ਕੀਤੀ ਗਈ। ਇਸ ਮੌਕੇ ਤੇ ਭੁਪਿੰਦਰ ਸਿੰਘ ਚੱਢਾ, ਮੈਨੇਜਰ ਗੁਰਦੁਆਰਾ ਮੰਜੀ ਸਾਹਿਬ ਪ੍ਰੀਤਪਾਲ ਸਿੰਘ, ਜ਼ਿਲ੍ਹਾ ਪ੍ਰੀਸ਼ਦ ਚੇਅਰਮੈਨ ਮੱਖਣ ਸਿੰਘ ਲਬਾਣਾ ਅਤੇ ਹੋਰ ਮੌਜੂਦ ਸਨ।

ਅੰਬਾਲਾ ਛਾਉਣੀ ਦੇ ਗੁਰਦੁਆਰਿਆਂ ਵਿਚ ਵੀ ਪਹਿਲੇ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ ਦੀਵਾਨ ਸਜਾਏ ਗਏ। ਗੋਬਿੰਦ ਨਗਰ ਸਥਿਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਵਿਖੇ ਸਵੇਰੇ ਜਲਦੀ ਹੀ ਸੰਗਤਾਂ ਪਹੁੰਚਣੀਆਂ ਸ਼ੁਰੂ ਹੋ ਗਈਆਂ। ਦੀਵਾਨ ਦੀ ਆਰੰਭਤਾ ਇਸਤਰੀ ਸਤਿਸੰਗ ਦੇ ਜਥੇ ਵੱਲੋਂ ਕੀਰਤਨ ਕਰਨ ਨਾਲ ਹੋਈ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਬੰਸ ਸਿੰਘ ਸਿੱਧੂ ਨੇ ਦੱਸਿਆ ਕਿ ਗੁਰੂ ਜੀ ਦੇ ਜਨਮ ਦਿਹਾੜੇ ਨੂੰ ਮਨਾਉਣ ਲਈ ਕੀਰਤਨ ਦਰਬਾਰ ਤੋਂ ਬਾਅਦ ਕਥਾ ਪ੍ਰਵਾਹ ਚੱਲੇਗਾ।

ਹਰਿਆਣਾ ਦੀ ਜੁਝਾਰੂ ਨੇਤਾ ਚਿਤਰਾ ਸਰਵਾਰਾ ਨੇ ਵਿਸ਼ੇਸ਼ ਤੌਰ ਤੇ ਗੁਰਦੁਆਰਾ ਗੋਬਿੰਦ ਨਗਰ ਪਹੁੰਚ ਕੇ ਮੱਥਾ ਟੇਕਿਆ ਅਤੇ ਗੁਰੂ ਘਰ ਦਾ ਅਸ਼ੀਰਵਾਦ ਲਿਆ। ਉਸ ਨੇ ਕਿਹਾ ਕਿ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਸ਼ੁਭ ਮੌਕੇ 'ਤੇ ਮੈਨੂੰ ਗੋਬਿੰਦ ਨਗਰ ਗੁਰਦੁਆਰਾ ਸਾਹਿਬ ਵਿਖੇ ਆਪਣਾ ਸੀਸ ਝੁਕਾਉਣ ਅਤੇ ਗੁਰੂ ਮਹਾਰਾਜ ਜੀ ਦਾ ਆਸ਼ੀਰਵਾਦ ਤੇ ਕਿਰਪਾ ਪ੍ਰਾਪਤ ਕਰਨ ਦਾ ਸੁਭਾਗ ਪ੍ਰਾਪਤ ਹੋਇਆ÷। ਇਸ ਮੌਕੇ 'ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚਿਤਰਾ ਸਰਵਾਰਾ ਨੂੰ ਸਿਰੋਪਾਉ ਭੇਟ ਕਰਕੇ ਗੁਰੂ ਘਰ ਵੱਲੋਂ ਸਨਮਾਨਿਤ ਕੀਤਾ ਗਿਆ ਜਿਸ ਲਈ ਉਸ ਨੇ ਸਾ

ਅਕਾਲੀ-ਭਾਜਪਾ ਦਾ ਗਠਜੋੜ 'ਨਾਪਾਕ, ਮੌਕਾਪ੍ਰਸਤ ਅਤੇ ਗੈਰ-ਸਿਧਾਂਤਕ'; ਪੰਜਾਬ ਦੇ ਲੋਕ ਇਨ੍ਹਾਂ ਨੂੰ ਕਦੇ ਮੂੰਹ ਨਹੀਂ ਲਾਉਣਗੇ: ਹਰਪਾਲ ਸਿੰਘ ਚੀਮਾ

ਦਿੜ੍ਹਬਾ, 24 ਨਵੰਬਰ (ਪੈ.ਗਾਮ-ਏ-ਜਗਤ)

- ਕਿਸਾਨੀ ਸੰਘਰਸ਼ ਦੀਆਂ ਕੁਰਬਾਨੀਆਂ ਭੁਲਾ ਕੇ ਮੁੜ ਸਿਆਸੀ ਸਾਂਝ ਪਾਉਣਾ ਪੰਜਾਬੀਆਂ ਦੇ ਜ਼ਖ਼ਮਾਂ 'ਤੇ ਲੂਣ ਛਿੜਕਣ ਦੇ ਬਰਾਬਰ : ਵਿੱਤ ਮੰਤਰੀ

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਮੁੜ ਹੋਏ ਗਠਜੋੜ ਨੂੰ ਨਾਪਾਕ, ਮੌਕਾਪ੍ਰਸਤ ਅਤੇ ਗੈਰ-ਸਿਧਾਂਤਕ ਕਰਾਰ ਦਿੰਦਿਆਂ ਕਿਹਾ ਕਿ ਦੋਵੇਂ ਪਾਰਟੀਆਂ ਸਿਰਫ਼ ਸੱਤਾ ਦੀ ਲਾਲਸਾ ਵਿੱਚ ਇਕੱਠੀਆਂ ਹੋਈਆਂ ਹਨ। ਪੰਜਾਬ ਦੇ ਲੋਕ ਆਗਾਮੀ ਚੋਣਾਂ ਵਿੱਚ ਇਨ੍ਹਾਂ ਨੂੰ ਕਰਾਰਾ ਜਵਾਬ ਦੇਣਗੇ। ਵਿਧਾਨ ਸਭਾ ਹਲਕਾ ਦਿੜ੍ਹਬਾ ਵਿੱਚ 2 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਕਮਿਊਨਿਟੀ ਹਾਲ ਦਾ ਉਦਘਾਟਨ ਕਰਨ ਉਪਰੰਤ ਮੀਡੀਆ ਨਾਲ ਗੱਲਬਾਤ ਕਰਦਿਆਂ ਚੀਮਾ ਨੇ ਕਿਹਾ ਕਿ ਅਕਾਲੀ ਦਲ ਅਤੇ ਭਾਜਪਾ ਦਾ ਗਠਜੋੜ ਸਿਧਾਂਤਾਂ ਦੀ ਬਜਾਏ ਸਿਆਸੀ ਸਵਾਰਥਾਂ ਅਤੇ ਕੁਰਸੀ ਦੀ ਭੁੱਖ 'ਤੇ ਆਧਾਰਿਤ ਹੈ।

ਉਨ੍ਹਾਂ ਕਿਹਾ ਕਿ ਤਿੰਨ ਕੇਂਦਰੀ ਖੇਤੀ ਕਾਨੂੰਨਾਂ ਵਿਰੁੱਧ ਇਤਿਹਾਸਕ ਕਿਸਾਨ ਅੰਦੋਲਨ ਦੌਰਾਨ 700 ਤੋਂ ਵੱਧ ਕਿਸਾਨਾਂ ਨੇ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ ਸਨ। ਕਿਸਾਨਾਂ ਦੇ ਲੰਮੇ ਅਤੇ ਸ਼ਾਂਤਮਈ ਸੰਘਰਸ਼ ਕਾਰਨ ਹੀ ਕੇਂਦਰ ਸਰਕਾਰ ਨੂੰ ਇਹ ਕਾਨੂੰਨ ਵਾਪਸ ਲੈਣੇ ਪਏ ਸਨ। ਉਨ੍ਹਾਂ ਕਿਹਾ ਕਿ ਖੇਤੀ ਕਾਨੂੰਨਾਂ ਦੇ ਮੁੱਦੇ 'ਤੇ ਭਾਜਪਾ ਤੋਂ ਵੱਖ ਹੋਣ ਵਾਲੇ ਅਕਾਲੀ ਦਲ ਵੱਲੋਂ ਹੁਣ ਉਸੇ ਪਾਰਟੀ ਨਾਲ ਮੁੜ ਹੱਥ ਮਿਲਾਉਣਾ ਕਿਸਾਨਾਂ ਦੀਆਂ ਕੁਰਬਾਨੀਆਂ ਦਾ ਅਪਮਾਨ ਹੈ।



ਚੀਮਾ ਨੇ ਅਕਾਲੀ ਦਲ ਦੀ ਲੀਡਰਸ਼ਿਪ ਤੋਂ ਸਵਾਲ ਕੀਤਾ ਕਿ ਜਿਨ੍ਹਾਂ ਮੁੱਦਿਆਂ ਨੂੰ ਆਧਾਰ ਬਣਾ ਕੇ ਭਾਜਪਾ ਨਾਲੋਂ ਨਾਤਾ ਤੋੜਿਆ ਗਿਆ ਸੀ, ਉਹ ਹੁਣ ਕਿੱਥੇ ਗਏ ਹਨ। ਉਨ੍ਹਾਂ ਦੋਸ਼ ਲਾਇਆ ਕਿ ਅਕਾਲੀ-ਭਾਜਪਾ ਦੇ ਪਿਛਲੇ ਸ਼ਾਸਨ ਦੌਰਾਨ ਪੰਜਾਬ ਵਿੱਚ ਨਸ਼ਿਆਂ ਦਾ ਪਸਾਰ ਹੋਇਆ ਅਤੇ ਬੇਅਦਬੀ ਦੀਆਂ ਦੁਖਦਾਈ ਘਟਨਾਵਾਂ ਵਾਪਰੀਆਂ, ਜਿਸ ਨਾਲ ਸੂਬੇ ਦੀ ਨੌਜਵਾਨੀ ਨੂੰ ਭਾਰੀ ਨੁਕਸਾਨ ਪਹੁੰਚਿਆ।

ਉਨ੍ਹਾਂ ਕਿਹਾ ਕਿ ਰਵਾਇਤੀ ਪਾਰਟੀਆਂ ਨੇ ਹਮੇਸ਼ਾ ਲੋਕ ਹਿੱਤਾਂ ਨਾਲੋਂ ਆਪਣੇ ਸਿਆਸੀ ਸਵਾਰਥਾਂ ਨੂੰ ਤਰਜੀਹ ਦਿੱਤੀ ਹੈ ਅਤੇ ਹੁਣ ਮੁੜ ਗਠਜੋੜ ਕਰਕੇ ਲੋਕਾਂ ਨੂੰ ਗੁਮਰਾਹ ਕਰਨ ਦੀ ਕੋਸ਼ਿਸ਼ ਕਰ ਰਹੀਆਂ ਹਨ। ਇਸ ਦੇ ਉਲਟ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਿੱਖਿਆ, ਸਿਹਤ, ਰੁਜ਼ਗਾਰ, ਬਿਜਲੀ ਅਤੇ ਬੁਨਿਆਦੀ ਸਹੂਲਤਾਂ ਦੇ ਖੇਤਰ ਵਿੱਚ ਕੰਮ ਕਰ ਰਹੀ ਹੈ।

ਆਗਾਮੀ ਚੋਣਾਂ ਬਾਰੇ ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਹਰ ਪਾਰਟੀ ਨੂੰ ਚੋਣ ਲੜਨ ਦਾ ਅਧਿਕਾਰ ਹੈ, ਪਰ ਜਿੱਤ ਦਾ ਫ਼ੈਸਲਾ ਲੋਕਾਂ ਨੇ ਕਰਨਾ ਹੈ। ਉਨ੍ਹਾਂ ਭਰੋਸਾ ਜਤਾਇਆ ਕਿ ਆਮ ਆਦਮੀ ਪਾਰਟੀ ਦਿੜ੍ਹਬਾ ਸੀਟ ਤੋਂ ਲਗਾਤਾਰ ਤੀਜੀ ਵਾਰ ਜਿੱਤ ਦਰਜ ਕਰੇਗੀ ਅਤੇ ਪੰਜਾਬ ਵਿੱਚ ਮੁੜ ਸਰਕਾਰ ਬਣਾਏਗੀ।

ਚੀਮਾ ਨੇ ਇਹ ਵੀ ਦੱਸਿਆ ਕਿ ਆਮ ਆਦਮੀ ਪਾਰਟੀ ਦੇ ਬਾਕੀ ਰਹਿੰਦੇ ਉਮੀਦਵਾਰਾਂ ਦੀ ਤੀਜੀ ਸੂਚੀ ਜਲਦ ਜਾਰੀ ਕੀਤੀ ਜਾਵੇਗੀ।

ਪੀ.ਜੀ.ਆਈ. ਚੰਡੀਗੜ੍ਹ ਵਿਚ HMBCON 2026 ਦਾ ਸਮਾਪਨ, ਮਾਨਵ ਦੁੱਧ ਬੈਂਕਿੰਗ ਸੇਵਾਵਾਂ ਦੇ ਵਿਸਥਾਰ ਲਈ ਰਾਸ਼ਟਰੀ ਸੰਕਲਪ ਮਜ਼ਬੂਤ

ਚੰਡੀਗੜ੍ਹ, 24 ਨਵੰਬਰ (ਪੈ.ਗਾਮ-ਏ-ਜਗਤ)



ਹਿਊਮਨ ਮਿਲਕ ਬੈਂਕਿੰਗ ਐਸੋਸੀਏਸ਼ਨ ਆਫ ਇੰਡੀਆ ਦਾ 12ਵਾਂ ਸਾਲਾਨਾ ਸੰਮੇਲਨ HMBCON 2026 ਪੀ.ਜੀ.ਆਈ. ਚੰਡੀਗੜ੍ਹ ਵਿਖੇ ਦੇਸ਼ ਭਰ ਵਿੱਚ ਮਾਨਵ ਦੁੱਧ ਬੈਂਕਾਂ ਅਤੇ ਛਾਤੀ ਦਾ ਦੁੱਧ ਪ੍ਰਬੰਧਨ ਕੇਂਦਰਾਂ ਦੇ ਵਿਸਥਾਰ ਦੇ ਸੰਕਲਪ ਨਾਲ ਸੰਪੰਨ ਹੋਇਆ। 21 ਅਤੇ 22 ਨਵੰਬਰ ਨੂੰ ਪੀ.ਜੀ.ਆਈ. ਦੇ ਬਾਲ ਰੋਗ ਵਿਭਾਗ ਦੀ ਨਿਓਨੈਟਲ ਯੂਨਿਟ ਵੱਲੋਂ ਕਰਵਾਏ ਗਏ ਇਸ ਦੋ ਰੋਜ਼ਾ ਸੰਮੇਲਨ ਵਿੱਚ ਦੇਸ਼ ਭਰ ਤੋਂ 200 ਤੋਂ ਵੱਧ ਡਾਕਟਰਾਂ, ਮਾਹਿਰਾਂ, ਫੈਕਲਟੀ ਮੈਂਬਰਾਂ ਅਤੇ ਪ੍ਰਤੀਨਿਧੀਆਂ ਨੇ ਹਿੱਸਾ ਲਿਆ।

ਸੰਮੇਲਨ ਦਾ ਉਦਘਾਟਨ ਪੀ.ਜੀ.ਆਈ.ਐਮ.ਈ.ਆਰ. ਦੇ ਨਿਰਦੇਸ਼ਕ ਪ੍ਰੋ. ਵਿਵੇਕ ਲਾਲ ਨੇ ਕੀਤਾ। ਉਨ੍ਹਾਂ ਨੇ ਮਾਨਵ ਦੁੱਧ ਬੈਂਕਿੰਗ ਸੇਵਾਵਾਂ ਨੂੰ ਮਜ਼ਬੂਤ ਬਣਾਉਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਹਰ ਨਵਜੰਮਾ ਬੱਚਾ ਜੀਵਨ ਦੀ ਸਰਵੋਤਮ ਸ਼ੁਰੂਆਤ ਦਾ ਹੱਕਦਾਰ ਹੈ। ਮਾਂ ਦਾ ਦੁੱਧ ਬੱਚਿਆਂ ਲਈ ਸਭ ਤੋਂ ਅਨਮੋਲ ਤੋਹਫ਼ਿਆਂ ਵਿੱਚੋਂ ਇਕ ਹੈ। ਮਾਨਵ ਦੁੱਧ ਬੈਂਕਿੰਗ ਸੇਵਾਵਾਂ ਦਾ ਵਿਸਥਾਰ ਬੱਚਿਆਂ ਦੀ ਸਿਹਤ, ਜੀਵਨ ਦੀ ਸੁਰੱਖਿਆ ਅਤੇ ਉੱਜਵਲ ਭਵਿੱਖ ਲਈ ਮਹੱਤਵਪੂਰਨ ਨਿਵੇਸ਼ ਹੈ। ਉਨ੍ਹਾਂ ਨੇ ਇਸ ਦਿਸ਼ਾ ਵਿੱਚ ਹਰ ਸੰਭਵ ਸਹਿਯੋਗ ਦਾ ਭਰੋਸਾ ਵੀ ਦਿੱਤਾ।

ਸੰਮੇਲਨ ਦੌਰਾਨ ਦੋ ਵਿਹਾਰਕ ਸਿਖਲਾਈ ਵਰਕਸ਼ਾਪਾਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ CLMC ਅਤੇ ਮਾਨਵ ਦੁੱਧ ਬੈਂਕ ਦੇ ਸੰਚਾਲਨ ਅਤੇ ਛਾਤੀ ਦਾ ਦੁੱਧ ਪਿਲਾਉਣ ਸਬੰਧੀ ਹੁਨਰਾਂ ਬਾਰੇ ਜਾਣਕਾਰੀ ਦਿੱਤੀ ਗਈ। ਭਾਗੀਦਾਰਾਂ ਨੂੰ ਇਨ੍ਹਾਂ ਸੇਵਾਵਾਂ ਦੇ ਤਕਨੀਕੀ ਅਤੇ ਕਲੀਨਿਕਲ ਪਹਿਲੂਆਂ ਦੀ ਵਿਹਾਰਕ ਸਿਖਲਾਈ ਪ੍ਰਦਾਨ ਕੀਤੀ ਗਈ। ਵਿਗਿਆਨਕ ਪ੍ਰੋਗਰਾਮ ਦੌਰਾਨ ਮਾਨਵ ਦੁੱਧ ਬੈਂਕਿੰਗ ਦੇ ਵੱਖ-ਵੱਖ ਪਹਿਲੂਆਂ 'ਤੇ ਪੈਨਲ ਚਰਚਾਵਾਂ ਹੋਈਆਂ ਅਤੇ 17 ਖੋਜ ਪੱਤਰ ਵੀ ਪੇਸ਼ ਕੀਤੇ ਗਏ।

ਸੰਮੇਲਨ ਦਾ ਵਿਸ਼ੇਸ਼ ਆਕਰਸ਼ਣ ਚੌਥਾ ਆਰਮਿਡਾ ਫਰਨਾਂਡੀਜ਼ ਓਰੇਸ਼ਨ ਰਿਹਾ, ਜਿਸ ਨੂੰ ਮਹਾਰਾਸ਼ਟਰ ਦੀ ਡਾ. ਸੰਧਿਆ ਖਡਸੇ ਨੇ ਸੰਬੋਧਨ ਕੀਤਾ। ਉਨ੍ਹਾਂ ਨੇ ਆਪਣੇ 40 ਸਾਲਾਂ ਦੇ ਤਜਰਬੇ ਅਤੇ ਮਹਾਰਾਸ਼ਟਰ ਵਿੱਚ ਕਈ ਮਾਨਵ ਦੁੱਧ ਬੈਂਕ ਸਥਾਪਤ ਕਰਨ ਦੇ ਸਫ਼ਰ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਅਜਿਹੀਆਂ ਸੇਵਾਵਾਂ ਨੂੰ ਸਫ਼ਲ ਅਤੇ ਟਿਕਾਊ ਬਣਾਉਣ ਲਈ ਦ੍ਰਿੜ੍ਹ ਇਰਾਦੇ, ਦੂਰਦ੍ਰਿਸ਼ਟੀ ਅਤੇ ਸਮੂਹਿਕ ਯਤਨਾਂ ਦੀ ਮਹੱਤਤਾ ਦੱਸੀ। ਸੰਮੇਲਨ ਦਾ ਆਯੋਜਨ ਪ੍ਰੋ. ਕੰਨਿਆ ਮੁਖੋਪਾਧਿਆਏ ਦੀ ਪ੍ਰਧਾਨਗੀ ਅਤੇ ਪ੍ਰੋ. ਭਵਨੀਤ ਭਾਰਤੀ ਦੀ ਸਕੱਤਰ ਵਜੋਂ ਅਗਵਾਈ ਹੇਠ ਕੀਤਾ ਗਿਆ, ਜਦਕਿ ਡਾ. ਬਿਜਯਲਕਸ਼ਮੀ ਬੇਹੇਰਾ ਨੇ ਖਜ਼ਾਨਚੀ ਦੀ ਜ਼ਿੰਮੇਵਾਰੀ ਨਿਭਾਈ।

ਪ੍ਰੋ. ਮੁਖੋਪਾਧਿਆਏ ਨੇ ਕਿਹਾ ਕਿ ਭਾਰਤ ਵਿੱਚ ਸਮੇਂ ਤੋਂ ਪਹਿਲਾਂ ਜਨਮ ਲੈਣ ਵਾਲੇ ਬੱਚਿਆਂ ਦੀ ਗਿਣਤੀ ਇਕ ਵੱਡੀ ਚੁਣੌਤੀ ਹੈ। ਅਜਿਹੇ ਬੱਚਿਆਂ ਲਈ ਜਾਂਚ ਤੋਂ ਬਾਅਦ ਸੁਰੱਖਿਅਤ ਪਾਇਆ ਗਿਆ ਦਾਨਦਾਤਾ ਮਾਨਵ ਦੁੱਧ ਬਹੁਤ ਮਹੱਤਵਪੂਰਨ ਹੈ, ਖਾਸ ਕਰਕੇ ਨਵਜੰਮੇ ਬੱਚਿਆਂ ਦੀ ਵਿਸ਼ੇਸ਼ ਦੇਖਭਾਲ ਇਕਾਈ ਵਿੱਚ ਦਾਖਲ ਬੱਚਿਆਂ ਲਈ। ਉਨ੍ਹਾਂ ਕਿਹਾ ਕਿ ਕਿਸੇ ਵੀ ਨਵਜੰਮੇ ਬੱਚੇ ਨੂੰ ਇਸ ਜ਼ਰੂਰੀ ਪੋਸ਼ਣ ਤੋਂ ਵਾਂਝਾ ਨਹੀਂ ਰਹਿਣ ਦੇਣਾ ਚਾਹੀਦਾ।

ਪ੍ਰੋ. ਭਵਨੀਤ ਭਾਰਤੀ ਨੇ ਕਿਹਾ ਕਿ ਸੰਮੇਲਨ ਵਿੱਚ ਵਿਗਿਆਨਕ ਜਾਣਕਾਰੀ ਦੇ ਨਾਲ ਵਿਹਾਰਕ ਹੁਨਰਾਂ ਦੇ ਵਿਕਾਸ ਨੂੰ ਵੀ ਬਰਾਬਰ ਮਹੱਤਵ ਦਿੱਤਾ ਗਿਆ, ਤਾਂ ਜੋ ਸਿਹਤ ਕਰਮਚਾਰੀ ਆਪਣੇ ਸੰਸਥਾਨਾਂ ਵਿੱਚ ਇਨ੍ਹਾਂ ਸੇਵਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾ ਸਕਣ।

ਸੰਮੇਲਨ ਦੇ ਅੰਤ ਵਿੱਚ ਦੇਸ਼ ਭਰ ਵਿੱਚ ਛਾਤੀ ਦਾ ਦੁੱਧ ਪ੍ਰਬੰਧਨ ਕੇਂਦਰਾਂ ਅਤੇ ਮਾਨਵ ਦੁੱਧ ਬੈਂਕਾਂ ਦੀ ਸਥਾਪਨਾ ਤੇ ਵਿਸਥਾਰ, ਸੰਸਥਾਗਤ ਸਮਰੱਥਾ ਮਜ਼ਬੂਤ ਕਰਨ ਅਤੇ ਨਵਜੰਮੇ ਬੱਚਿਆਂ ਲਈ ਮਾਂ ਦੇ ਆਪਣੇ ਦੁੱਧ ਅਤੇ ਸੁਰੱਖਿਅਤ ਦਾਨਦਾਤਾ ਦੁੱਧ ਦੀ ਮਹੱਤਤਾ ਬਾਰੇ ਜਾਗਰੂਕਤਾ ਵਧਾਉਣ ਦਾ ਸਮੂਹਿਕ ਸੰਕਲਪ ਲਿਆ ਗਿਆ।

ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ 2 ਕਰੋੜ ਦੀ ਲਾਗਤ ਨਾਲ ਬਣੇ ਬਾਬਾ ਸਾਹਿਬ ਡਾ. ਅੰਬੇਡਕਰ ਕਮਿਊਨਿਟੀ ਹਾਲ ਦਾ ਕੀਤਾ ਉਦਘਾਟਨ

ਦਿੜ੍ਹਬਾ, 24 ਨਵੰਬਰ (ਪੈ.ਗਾਮ-ਏ-ਜਗਤ)

- 7.5 ਕਰੋੜ ਤੋਂ ਵੱਧ ਦੀ ਲਾਗਤ ਨਾਲ ਤਿਆਰ ਇਨਡੋਰ ਖੇਡ ਸਟੇਡੀਅਮ ਵੀ ਜਲਦ ਲੋਕਾਂ ਨੂੰ ਕੀਤਾ ਜਾਵੇਗਾ ਸਮਰਪਿਤ: ਚੀਮਾ

ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਦਿੜ੍ਹਬਾ ਵਿਖੇ 2 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਕਮਿਊਨਿਟੀ ਹਾਲ ਦਾ ਉਦਘਾਟਨ ਕਰਕੇ ਇਸ ਨੂੰ ਇਲਾਕਾ ਵਾਸੀਆਂ ਨੂੰ ਸਮਰਪਿਤ ਕੀਤਾ। ਉਨ੍ਹਾਂ ਕਿਹਾ ਕਿ ਇਹ ਹਾਲ ਆਰਥਿਕ ਪੱਖੋਂ ਕਮਜ਼ੋਰ ਅਤੇ ਲੋੜਵੰਦ ਪਰਿਵਾਰਾਂ ਲਈ ਵਰਦਾਨ ਸਾਬਤ ਹੋਵੇਗਾ।



ਇਸ ਮੌਕੇ ਸੰਬੋਧਨ ਕਰਦਿਆਂ ਸ. ਚੀਮਾ ਨੇ ਕਿਹਾ ਕਿ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਵੱਲੋਂ ਸਮਾਜ ਦੇ ਦੱਬੇ-ਕੁਚਲੇ ਅਤੇ ਪੱਛੜੇ ਵਰਗਾਂ ਨੂੰ ਬਰਾਬਰੀ ਤੇ ਸਨਮਾਨ ਦਿਵਾਉਣ ਲਈ ਦਿੱਤਾ ਗਿਆ ਸੰਦੇਸ਼ ਅੱਜ ਵੀ ਸਮੁੱਚੀ ਮਨੁੱਖਤਾ ਲਈ ਪ੍ਰੇਰਨਾ ਸਰੋਤ ਹੈ। ਪੰਜਾਬ ਸਰਕਾਰ ਸਮਾਜ ਦੇ ਹਰ ਵਰਗ ਨੂੰ ਬਰਾਬਰ ਮੌਕੇ ਅਤੇ ਸਹੂਲਤਾਂ ਦੇਣ ਲਈ ਵਚਨਬੱਧ ਹੈ।

ਉਨ੍ਹਾਂ ਦੱਸਿਆ ਕਿ ਇਸ ਕਮਿਊਨਿਟੀ ਹਾਲ ਵਿੱਚ 300 ਤੋਂ 500 ਵਿਅਕਤੀਆਂ ਦੇ ਇਕੱਠ ਲਈ ਪ੍ਰਬੰਧ ਕੀਤਾ ਗਿਆ ਹੈ। ਇੱਥੇ ਦੋ ਕਮਰੇ, ਦਫ਼ਤਰ, ਬਾਥਰੂਮ, ਪਖਾਨੇ ਅਤੇ ਪਾਰਕਿੰਗ ਸਮੇਤ ਸਾਰੀਆਂ ਲੋੜੀਂਦੀਆਂ ਸਹੂਲਤਾਂ ਉਪਲਬਧ ਹਨ। ਇਸ ਨਾਲ ਲੋਕਾਂ ਨੂੰ ਵਿਆਹ-ਸ਼ਾਦੀਆਂ, ਸ਼ਗਨ ਸਮਾਰੋਹਾਂ ਅਤੇ ਹੋਰ ਸਮਾਗਮਾਂ ਲਈ ਮਹਿੰਗੇ ਨਿੱਜੀ ਪੈਲੇਸਾਂ ਵਿੱਚ ਜਾਣ ਦੀ ਲੋੜ ਨਹੀਂ ਪਵੇਗੀ। ਹਾਲ ਦੀ ਸਾਂਭ-ਸੰਭਾਲ ਸਥਾਨਕ ਕਮੇਟੀ ਵੱਲੋਂ ਕੀਤੀ ਜਾਵੇਗੀ।

ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਦਿੜ੍ਹਬਾ ਹਲਕੇ ਵਿੱਚ ਸਿੱਖਿਆ, ਸਿਹਤ, ਖੇਡਾਂ ਅਤੇ ਸੜਕੀ ਬੁਨਿਆਦੀ ਢਾਂਚੇ ਨਾਲ ਸਬੰਧਤ ਪ੍ਰਾਜੈਕਟਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ।

ਉਨ੍ਹਾਂ ਐਲਾਨ ਕੀਤਾ ਕਿ 7.5 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਨਾਲ ਤਿਆਰ ਅਤਿ-ਆਧੁਨਿਕ ਇਨਡੋਰ ਖੇਡ ਸਟੇਡੀਅਮ ਵੀ ਜਲਦ ਲੋਕਾਂ ਨੂੰ ਸਮਰਪਿਤ ਕੀਤਾ ਜਾਵੇਗਾ। ਇਸ ਸਟੇਡੀਅਮ ਵਿੱਚ ਇੱਕੋ ਸਮੇਂ 11 ਵੱਖ-ਵੱਖ ਖੇਡਾਂ ਦੇ ਮੁਕਾਬਲੇ ਅਤੇ ਸਿਖਲਾਈ ਦੀ ਸਹੂਲਤ ਹੋਵੇਗੀ। 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਕਰਵਾਏ ਸੂਬਾ ਪੱਧਰੀ ਮੁਕਾਬਲਿਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਕਿਹਾ ਕਿ ਦਿੜ੍ਹਬਾ ਖੇਡਾਂ ਦੇ ਬੁਨਿਆਦੀ ਢਾਂਚੇ ਪੱਖੋਂ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਅਹੁਦੇਦਾਰ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਹਾਜ਼ਰ ਸਨ।

ਗੈਸ ਏਜੰਸੀ ਮਾਲਕਾਂ ਦੇ ਧੱਕੇਸ਼ਾਹੀ ਦੇ ਖਿਲਾਫ ਤਿੱਖੇ ਸੰਘਰਸ਼ ਦੀ ਤਿਆਰੀ ਲਈ ਕੀਤੀ ਹੰਗਾਮੀ ਮੀਟਿੰਗ

ਪਟਿਆਲਾ, 24 ਨਵੰਬਰ (ਪੈ.ਗਾਮ-ਏ-ਜਗਤ)



ਕੱਲ ਨੂੰ ਆਈ.ਡੀ.ਐਲ. ਗੈਸ ਏਜੰਸੀ ਵਿਖੇ ਜਿਲਾ ਆਗੂਆਂ ਦੀ ਜਿਲਾ ਸਕੱਤਰ ਸੁਰਜੀਤ ਸਿੰਘ ਸੁਨਿਆਰਹੇੜੀ, ਸੀਨੀਅਰ ਮੀਤ ਪ੍ਰਧਾਨ ਸਤਪਾਲ ਸਿੰਘ ਸੁਨਿਆਰਹੇੜੀ, ਅਵਤਾਰ ਸਿੰਘ ਵਿੱਤ ਸਕੱਤਰ ਨੰਦਪੁਰ ਕੇਸ਼ੋ ਦੀ ਨਿਗਰਾਨੀ ਹੇਠ ਵੱਡੀ ਗਿਣਤੀ ਵਿੱਚ ਵਰਕਰ ਇਕੱਠੇ ਹੋਏ।

ਜਿਸ ਦੀ ਪ੍ਰਧਾਨਗੀ ਏਜੰਸੀ ਦੇ ਪ੍ਰਧਾਨ ਜਰਨੈਲ ਸਿੰਘ ਪਪਰਾਲਾ ਨੇ ਕੀਤੀ। ਇਹਨਾਂ ਤੋਂ ਇਲਾਵਾ ਪਟਿਆਲਾ ਦੇ ਸਾਰੀਆਂ ਏਜੰਸੀਆਂ ਦੇ ਆਗੂ ਧੀਰਜ ਕੁਮਾਰ, ਸ਼ਾਮਦਰ ਮਿਸ਼ਰਾ, ਮਨਜੀਤ ਸਿੰਘ, ਕੇਸਰ ਸਿੰਘ, ਜਸਬੀਰ ਸਿੰਘ ਜੱਸੀ, ਕੁਲਦੀਪ ਮਿਸ਼ਰਾ ਤੋਂ ਇਲਾਵਾ ਨਾਭੇ ਤੋਂ ਰਘੁਬੀਰ ਸਿੰਘ, ਕਰਮਜੀਤ ਸਿੰਘ, ਸ਼ਾਮ ਸਿੰਘ ਸੰਨੀ ਅਤੇ ਹੋਰ ਸਰਗਰਮ ਵਰਕਰ ਸ਼ਾਮਲ ਹੋਏ। ਮੀਟਿੰਗ ਵਿੱਚ ਸੁਰਿੰਦਰਾ ਗੈਸ ਸਰਵਿਸ ਵਿਖੇ ਧੱਕੇ ਨਾਲ ਜੁਬਾਨੀ ਤੌਰ ਤੇ ਕੱਢੇ ਹੋਏ ਵਰਕਰਾਂ ਦੀ ਬਹਾਲੀ ਲਈ ਲੜਿਆ ਜਾ ਰਿਹਾ ਸੰਘਰਸ਼ ਦੇ ਅਗਲੇ ਪੜਾਅ ਵਜੋਂ ਤਿੱਖਾ ਅਤੇ ਵਿਸ਼ਾਲ ਕਰਨ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਪ੍ਰਨ ਕੀਤਾ ਗਿਆ ਕਿ ਜਦੋਂ ਤੱਕ ਮਾਲਕ ਵਲੋਂ ਵਰਕਰਾਂ ਨੂੰ ਕੰਮ ਤੇ ਹਾਜਰ ਨਹੀਂ ਕਰਵਾਇਆ ਜਾਂਦਾ ਸੰਘਰਸ਼ ਜਾਰੀ ਰਹੇਗਾ।

ਗੁਰਦੁਆਰਾ ਸਿੰਘ ਸਭਾ ਕਾਠਗੜ੍ਹ ਵਿਖੇ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰੂ ਗ੍ਰੰਥ ਪਾਠ ਜੀ ਦੇ ਭੋਗ ਉਪਰੰਤ ਰਾਗੀ ਜਥੇ ਨੇ ਸੰਗਤਾਂ ਨੂੰ ਕੀਤਾ ਨਿਹਾਲ

ਪੈ.ਗਾਮ-ਏ-ਜਗਤ/ਨਵਾਂਸ਼ਹਿਰ/ਕਾਠਗੜ੍ਹ 24 ਨਵੰਬਰ (ਜਤਿੰਦਰ ਪਾਲ ਸਿੰਘ ਕਲੇਰ)

- ਚਾਹ-ਪਕੌੜਿਆਂ ਤੇ ਗੁਰੂ ਦੇ ਅਟੁੱਟ ਲੰਗਰ ਵਰਤਾਏ ਗਏ



ਗੁਰਦੁਆਰਾ ਸਿੰਘ ਸਭਾ ਕਾਠਗੜ੍ਹ ਵਿਖੇ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰੂ ਗ੍ਰੰਥ ਪਾਠ ਜੀ ਦੇ ਪਾਠ ਦੇ ਭੋਗ ਉਪਰੰਤ ਰਾਗੀ ਜਥੇ ਭਾਈ ਹਰਜਿੰਦਰ ਸਿੰਘ ਮੋਜੋਵਾਲ ਮਜਾਰੇ

ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ ਸ੍ਰੀ ਗੁਰੂ ਨਾਨਕ ਦੇਵ ਜੀ ਦਾ 557ਵਾਂ ਪ੍ਰਕਾਸ਼ ਪੁਰਬ

ਐਸ.ਏ.ਐਸ. ਨਗਰ, 24 ਨਵੰਬਰ (ਪੈ.ਗਾਮ-ਏ-ਜਗਤ)

ਐਸ ਏ ਐਸ ਨਗਰ ਅਤੇ ਇਸਦੇ ਨੇੜਲੇ ਇਲਾਕਿਆਂ ਵਿੱਚ ਪਹਿਲੀ ਪਾਤਸ਼ਾਹੀ ਅਤੇ ਸਿੱਖ ਧਰਮ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ 557ਵਾਂ ਪ੍ਰਕਾਸ਼ ਪੁਰਬ ਪੂਰੀ ਧੂਮਧਾਮ ਅਤੇ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਸ਼ਹਿਰ ਦੇ ਵੱਖ ਵੱਖ ਗੁਰੂਦੁਆਰਾ ਸਾਹਿਬਾਨ ਵਿੱਚ ਰੋਣਕਾ ਲੱਗੀਆਂ ਰਹੀਆਂ ਅਤੇ ਵੱਡੀ ਗਿਣਤੀ ਵਿੱਚ ਸੰਗਤ ਵਲੋਂ ਗੁਰੂਘਰਾਂ ਵਿੱਚ ਹਾਜਰੀਆਂ ਲਗਵਾਈਆਂ ਗਈਆਂ।

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵੱਖ ਵੱਖ ਗੁਰਧਾਮਾਂ ਨੂੰ ਫੁੱਲਾਂ ਅਤੇ ਬਿਜਲਈ ਲੜੀਆਂ ਦੇ ਨਾਲ ਨਾਲ ਹੋਰ ਸਜਾਵਟੀ ਸਮਾਨ ਨਾਲ ਬਹੁਤ ਸੋਹਣੇ ਢੰਗਾਂ ਨਾਲ ਸਜਾਇਆ ਗਿਆ ਹੈ। ਇਸ ਦੌਰਾਨ ਗੁਰੂਘਰਾਂ ਵਿੱਚ ਵਿਸ਼ੇਸ਼ ਕੀਰਤਨ ਸਮਾਗਮਾਂ ਦਾ ਆਯੋਜਨ ਕੀਤਾ ਗਿਆ। ਪ੍ਰਕਾਸ਼ ਪੁਰਬ ਦੇ ਸੰਬੰਧ ਵਿੱਚ ਇਤਿਹਾਸਕ ਗੁਰਦੁਆਰਾ ਸ੍ਰੀ ਅੰਬ ਸਾਹਿਬ, ਗੁਰਦੁਆਰਾ ਸ੍ਰੀ ਸਿੰਘ ਸ਼ਹੀਦਾਂ ਸੋਹਾਣਾ, ਗੁਰਦੁਆਰਾ ਸਾਚਾ ਧਨ ਸਾਹਿਬ ਫੇਜ਼ 3, ਗੁਰਦੁਆਰਾ ਸਾਹਿਬਜ਼ਾਦਾ ਅਜੀਤ ਸਿੰਘ ਫੇਜ਼ 2, ਗੁਰਦੁਆਰਾ ਬੀਬੀ ਭਾਨੀ ਜੀ ਫੇਜ਼ 7, ਗੁਰਦੁਆਰਾ ਸ੍ਰੀ ਕਲਗੀਧਰ ਸਿੰਘ ਸਭਾ ਫੇਜ਼ 4, ਗੁਰਦੁਆਰਾ ਸ੍ਰੀ ਸਾਹਿਬਵਾੜਾ ਫੇਜ਼ 5, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸੈਕਟਰ 70, ਗੁਰਦੁਆਰਾ ਸ੍ਰੀ ਰਾਮਗੜ੍ਹੀਆ ਫੇਜ਼ 3 ਬੀ 1, ਗੁਰਦੁਆਰਾ ਸ੍ਰੀ ਧੰਨਾ ਭਗਤ ਫੇਜ਼ 8, ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦੁਰ ਸਾਹਿਬ ਫੇਜ਼ 9, ਗੁਰਦੁਆਰਾ ਸ੍ਰੀ ਗੁਰੂ ਹਰਚਰਨਕਮਲ ਸਾਹਿਬ



ਫੇਜ਼ 10, ਗੁਰਦੁਆਰਾ ਸ੍ਰੀ ਦਸ਼ਮੇਸ਼ ਦਰਬਾਰ ਫੇਜ਼ 10, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਫੇਜ਼ 11, ਗੁਰਦੁਆਰਾ ਸ੍ਰੀ ਅਕਾਲ ਆਸ਼ਰਮ ਸੋਹਾਣਾ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਫੇਜ਼ 1, ਗੁਰਦੁਆਰਾ ਸ੍ਰੀ ਗੁਰੂ ਗ੍ਰੰਥ ਸਾਹਿਬ ਸਿੰਘ ਸਭਾ ਫੇਜ਼ 1 ਸਮੇਤ ਹੋਰਨਾਂ ਗੁਰਦੁਆਰਾ ਸਾਹਿਬਾਨ ਵਿੱਚ ਅੱਜ ਅੰਮ੍ਰਿਤ ਵੇਲੇ ਤੋਂ ਵੱਡੀ ਗਿਣਤੀ ਸ਼ਰਧਾਲੂ ਨਤਮਸਤਕ ਹੋਣ ਲਈ ਪੁਜਣੇ ਆਰੰਭ ਹੋ ਗਏ ਸਨ ਅਤੇ ਸਾਰਾ ਦਿਨ ਵੱਖ ਵੱਖ ਗੁਰਦੁਆਰਿਆਂ ਵਿੱਚ ਵੱਡੀ ਗਿਣਤੀ ਸੰਗਤ ਗੁਰਦੁਆਰਿਆਂ ਵਿੱਚ ਸਿਰ ਨਿਵਾਉਣ ਲਈ ਪੁੱਜਦੀ ਰਹੀ।

ਇਸ ਮੌਕੇ ਵੱਖ ਵੱਖ ਗੁਰਧਾਮਾਂ ਵਿੱਚ ਸਜਾਏ ਗਏ ਵਿਸ਼ੇਸ਼ ਧਾਰਮਿਕ ਸਮਾਗਮਾਂ ਦੌਰਾਨ ਸੰਬੋਧਨ ਕਰਦਿਆਂ ਵੱਖ ਵੱਖ ਬੁਲਾਰਿਆਂ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ, ਸਿੱਖਿਆਵਾਂ ਅਤੇ ਚਾਰ ਉਦਾਸੀਆਂ ਬਾਰੇ ਸੰਗਤਾਂ ਨੂੰ ਜਾਣਕਾਰੀ ਦਿਤੀ ਅਤੇ ਵੱਖ ਵੱਖ ਰਾਗੀ, ਢਾਡੀ ਜਥਿਆਂ, ਕਵੀਸ਼ਰਾਂ, ਕਥਾ ਵਾਚਕਾਂ, ਵਿਚਾਰਕਾਂ ਵਲੋਂ ਸੰਗਤਾਂ ਨੂੰ ਕੀਰਤਨ, ਵਾਰਾਂ, ਕਥਾ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਨਿਹਾਲ ਕੀਤਾ ਗਿਆ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਦੌਰਾਨ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ 557ਵਾਂ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਜਗਜੀਤ ਸਿੰਘ ਜੀ ਜੋਸ਼ ਲੁਧਿਆਣੇ ਵਾਲਿਆਂ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਬ੍ਰਿਤਾਂਤ ਬਾਰੇ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਵਿਸਥਾਰ ਪੂਰਵਕ ਜਾਣੂ ਕਰਵਾਇਆ। ਸ੍ਰੀ ਦਰਬਾਰ ਸਾਹਿਬ ਜੀ ਅੰਮ੍ਰਿਤਸਰ ਦੇ ਹਜ਼ੂਰੀ ਰਾਗੀ ਜੱਥੇ ਭਾਈ ਅਜਮੇਰ ਸਿੰਘ, ਭਾਈ ਪਰਮਪਾਲ ਸਿੰਘ ਅਤੇ ਭਾਈ ਅਰਵਿੰਦਰ ਸਿੰਘ ਨੇ ਆਪਣੇ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਜਸ ਸੁਣਾ ਕੇ ਨਿਹਾਲ ਕੀਤਾ। ਸ਼੍ਰੋਮਣੀ ਪ੍ਰਚਾਰਕ ਭਾਈ ਗੁਰਜੰਟ ਸਿੰਘ ਮੁੱਖ ਗ੍ਰੰਥੀ ਤਖਤ ਸ੍ਰੀ ਦਮਦਮਾ ਸਾਹਿਬ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀਂ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੁਆਰਾ ਸਮੂਹ ਮਾਨਵਤਾ ਦੇ ਭਲੇ ਲਈ ਕੀਤੀਆਂ ਚਾਰ ਉਦਾਸੀਆਂ ਅਤੇ ਉਨਾਂ ਦੁਆਰਾ ਉਚਾਰਨ ਧੁਰ ਕੀ ਬਾਣੀ ਦੇ 19 ਰਾਗਾਂ ਵਿੱਚ 958 ਸ਼ਬਦ (ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਵਿੱਚ ਬਿਰਾਜਮਨ ਹਨ) ਬਾਰੇ ਵਿਸਥਾਰ ਸਹਿਤ ਜਾਣੂ ਕਰਵਾਇਆ।

ਇਸ ਤੋਂ ਇਲਾਵਾ ਭਾਈ ਹਰਪਾਲ ਸਿੰਘ ਹਜ਼ੂਰੀ ਰਾਗੀ ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਭਾਈ ਲਵਪ੍ਰੀਤ ਸਿੰਘ ਸ੍ਰੀ ਫਤਿਹਗੜ੍ਹ ਸਾਹਿਬੀ, ਸ਼੍ਰੋਮਣੀ ਪ੍ਰਚਾਰਕ ਭਾਈ ਮਨਜੀਤ ਸਿੰਘ ਲੁਧਿਆਣੇ ਵਾਲੇ, ਮਿੱਤਰ ਪਿਆਰੇ ਨੂੰ ਕੀਰਤਨੀ ਜੱਥਾ, ਸ਼੍ਰੋਮਣੀ ਪ੍ਰਚਾਰਕ ਭਾਈ ਜਤਿੰਦਰ ਸਿੰਘ ਸ੍ਰੀ ਅਮ੍ਰਿਤਸਰ ਸਾਹਿਬ, ਭਾਈ ਜਗਦੀਪ ਸਿੰਘ ਹਜ਼ੂਰੀ ਰਾਗੀ ਤਖਤ ਸ੍ਰੀ ਕੇਸਗੜ੍ਹ ਸਾਹਿਬ, ਭਾਈ ਅੰਮ੍ਰਿਤਪਾਲ ਸਿੰਘ ਜੀ ਹਜ਼ੂਰੀ ਰਾਗੀ ਤਖਤ ਸ੍ਰੀ ਦਮਦਮਾ ਸਾਹਿਬ ਦੇ ਜੱਥਿਆਂ ਤੋ ਇਲਾਵਾ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਜੱਥੇ ਭਾਈ ਗੁਰਨਾਮ ਸਿੰਘ, ਭਾਈ ਇੰਦਰਜੀਤ ਸਿੰਘ, ਭਾਈ ਸੰਦੀਪ ਸਿੰਘ ਅਤੇ ਭਾਈ ਬਲਜਿੰਦਰ ਸਿੰਘ ਨੇ ਕਥਾ ਕੀਰਤਨ ਅਤੇ ਗੁਰਮਤਿ ਵਿਚਾਰਾਂ ਰਾਹੀਂ ਸਾਰਾ ਦਿਨ ਸੰਗਤਾਂ ਨੂੰ ਹਰਿ ਜਸ ਸੁਣਾ ਕੇ ਨਿਹਾਲ ਕੀਤਾ। ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਾਹਿਰ ਡਾਕਟਰਾਂ ਨੇ ਮਰੀਜ਼ਾਂ ਦਾ ਮੁਆਇਨਾ ਕੀਤਾ ਅਤੇ ਦਵਾਈ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਤੀ ਗਈ। ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਕਰਵਾਏ ਗਏ ਅੰਮ੍ਰਿਤ ਸੰਚਾਰ ਵਿੱਚ ਵੱਡੀ ਗਿਣਤੀ ਵਿੱਚ ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ। ਗੁਰੂ ਕਾ ਲੰਗਰ ਇਸ ਮੌਕੇ ਅਤੁੱਟ ਵਰਤਾਇਆ ਗਿਆ। ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਫੇਜ਼ 11 ਮੁਹਾਲੀ ਵਿਖੇ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਵਿਖੇ 22 ਨਵੰਬਰ ਤੋਂ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਆਸਾ ਦੀ ਵਾਰ ਅਤੇ ਕਥਾ ਤੋਂ ਬਾਅਦ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ ਜਿਸ ਵਿੱਚ ਕਈ ਬੀਬੀਆਂ ਦੇ ਜੱਥੇ ਅਤੇ ਮੁਹਾਲੀ ਤੋਂ ਅਤੇ ਬਾਹਰ ਤੋਂ ਆਏ ਜਥਿਆਂ ਨੇ ਵਿਸ਼ੇਸ਼ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਸਮੇਂ ਵੱਡੀ ਗਿਣਤੀ ਵਿੱਚ ਆਈ ਸੰਗਤ ਵਾਸਤੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਬਰੈਡ ਪਕੌੜਾ, ਦੁੱਧ ਦਾ ਲੰਗਰ, ਜਲੇਬੀਆਂ ਅਤੇ ਹੋਰ ਕਈ ਤਰ੍ਹਾਂ ਦੇ ਲੰਗਰ ਅਤੁੱਟ ਵਰਤਾਏ ਗਏ। ਇਸ ਦੌਰਾਨ ਫੇਜ਼-2 ਸਥਿਤ ਗੁਰਦੁਆਰਾ ਸਾਹਿਬਜ਼ਾਦਾ ਅਜੀਤ ਸਿੰਘ ਜੀ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ 557ਵੇਂ ਪ੍ਰਕਾਸ਼ ਪੁਰਬ ਮੌਕੇ ਨਵੇਂ ਲੰਗਰ ਹਾਲ ਦਾ ਉਦਘਾਟਨ ਕੀਤਾ ਗਿਆ। ਇਸ ਤੋਂ ਪਹਿਲਾ ਸਮਾਗਮ ਦੌਰਾਨ ਪਾਠ ਦੇ ਭੋਗ ਉਪਰੰਤ ਗੁਰਬਾਣੀ ਕੀਰਤਨ ਅਤੇ ਅਰਦਾਸ ਕੀਤੀ ਗਈ। ਅਰਦਾਸ ਤੋਂ ਬਾਅਦ ਗੁਰਦੁਆਰਾ ਸਾਹਿਬ ਜੀ ਦੇ ਹੈਡ ਗ੍ਰੰਥੀ ਭਾਈ ਕੁਲਤਾਰ ਸਿੰਘ ਦਰਿਆ ਅਤੇ ਅਮੇਯ ਫਾਊਂਡੇਸ਼ਨ ਦੀ ਚੇਅਰਪਰਸਨ ਅਤੇ ਬੀਜੇਪੀ ਮਹਿਲਾ ਮੋਰਚਾ ਪੰਜਾਬ ਦੀ ਸੂਬਾ ਮੀਤ ਪ੍ਰਧਾਨ ਬੀਬੀ ਆਭਾ ਬਾਂਸਲ ਵੱਲੋਂ ਕਮੇਟੀ ਮੈਂਬਰਾਂ ਨਾਲ ਮਿਲ ਕੇ ਨਵੇਂ ਬਣੇ ਲੰਗਰ ਹਾਲ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਸੰਗਤਾਂ ਨੇ ਗੁਰੂ ਘਰ ਵਿਖੇ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਅਤੇ ਗੁਰੂ ਕਾ ਲੰਗਰ ਛਕਿਆ।

ਸੀਵਰੇਜ਼ ਲਾਈਨ ਪਾਏ ਜਾਣ ਤੇ ਤਿੰਨ ਸਾਲ ਵਿੱਚ ਹੀ ਧਸਣ ਲੱਗ ਗਈ ਫੇਜ਼ 3 ਬੀ2 ਅਤੇ 7 ਦੇ ਪਿੱਛੇ ਵਾਲੀ ਸੜਕ : ਐਨ.ਐਸ. ਕਲਸੀ

ਡਿਪਟੀ ਕਮਿਸ਼ਨਰ ਅਤੇ ਮੇਅਰ ਨੂੰ ਪੱਤਰ ਲਿਖ ਕੇ ਕੀਤੀ ਬਣਦੀ ਕਾਰਵਾਈ ਦੀ ਮੰਗ

ਐਸ.ਏ.ਐਸ. ਨਗਰ, 24 ਨਵੰਬਰ (ਪੈ.ਗਾਮ-ਏ-ਜਗਤ)

ਗਮਾਡਾ ਦੇ ਸੇਵਾਮੁਕਤ ਐਕਸੀਅਨ ਅਤੇ ਰੈਜੀਡੈਂਟ ਵੈਲਫੇਅਰ ਐਸੋਸੀਏਸ਼ਨ ਸੈਕਟਰ 67 ਦੇ ਪ੍ਰਧਾਨ ਸ੍ਰ. ਐਨ. ਐਸ. ਕਲਸੀ ਨੇ ਡਿਪਟੀ ਕਮਿਸ਼ਨਰ, ਮੁਹਾਲੀ ਅਤੇ ਨਗਰ ਨਿਗਮ ਮੁਹਾਲੀ ਦੇ ਮੇਅਰ ਨੂੰ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਪੀ. ਸੀ. ਐਲ. ਚੌਕ ਤੋਂ ਫੇਜ਼ 7 ਤੱਕ ਦੀ ਸੜਕ ਦੀ ਖਸਤਾ ਅਤੇ ਖ਼ਰਾਬ ਹਾਲਤ ਨੂੰ ਸੁਧਾਰਨ ਲਈ ਤੁਰੰਤ ਲੋੜੀਂਦੀ ਕਾਰਵਾਈ ਕੀਤੀ ਜਾਵੇ।

ਪੱਤਰ ਵਿੱਚ ਉਹਨਾਂ ਲਿਖਿਆ ਹੈ ਕਿ ਪੀ. ਸੀ. ਐਲ. ਚੌਕ ਤੋਂ ਕੁੰਭੜਾ ਚੌਂਕ ਤਕ ਜਾਣ ਵਾਲੀ ਸੜਕ ਦਾ ਫੇਜ਼ 3 ਬੀ 2 ਅਤੇ ਫੇਜ਼ 7 ਦੇ ਪਿਛਲੇ ਪਾਸੇ ਪੈਂਦਾ ਹਿੱਸਾ ਮਾੜੀ ਹਾਲਤ ਵਿੱਚ ਹੈ ਅਤੇ ਇਸਦੀ ਮਾੜੀ ਹਾਲਤ ਕਾਰਨ ਇਹ ਅਕਸਰ ਆਵਾਜਾਈ ਲਈ ਬੰਦ ਹੀ ਰਹਿੰਦਾ ਹੈ। ਉਹਨਾਂ ਕਿਹਾ ਕਿ ਇਸ ਥਾਂ ਤੇ ਸੜਕ ਕਈ ਥਾਵਾਂ ਤੋਂ ਦਬੀ ਹੋਈ ਹੈ ਜਿਸ ਕਾਰਨ ਸਮੇਂ ਸਮੇਂ ਤੇ ਇਸ ਸੜਕ ਨੂੰ ਬੈਰੀਕੇਡ ਲਗਾ ਕੇ ਬੰਦ ਕਰ ਦਿੱਤਾ ਜਾਂਦਾ ਹੈ ਅਤੇ ਪੂਰੀ ਆਵਾਜਾਈ ਸੈਕਟਰ 71 ਅਤੇ



ਸੈਕਟਰ 70 ਵਾਲੇ ਪਾਸੇ ਪੈਂਦੀ ਸਿੰਗਲ ਸੜਕ ਤੇ ਚੱਲਣ ਕਾਰਨ ਇੱਥੇ ਸੜਕ ਹਾਦਸਿਆਂ ਦਾ ਖਤਰਾ ਬਣਿਆ ਰਹਿੰਦਾ ਹੈ।

ਉਨ੍ਹਾਂ ਲਿਖਿਆ ਕਿ ਨਗਰ ਨਿਗਮ ਵਲੋਂ ਕੁਝ ਸਾਲ ਪਹਿਲਾਂ ਫੇਜ਼ 11 ਤੋਂ ਸਪਾਈਸ ਚੌਕ ਤੱਕ ਦੀ ਪੱਕੀ ਸੜਕ ਨੂੰ ਪੁੱਟ ਕੇ ਸੀਵਰੇਜ ਦੀ ਵੱਡੀ ਪਾਈਪ ਲਾਈਨ ਪਾਉਣ ਦਾ ਕੰਮ ਕਰਵਾਇਆ ਸੀ, ਜਿਸ ਤੇ ਲਗਭਗ 12 ਕਰੋੜ ਰੁਪਏ ਦਾ ਖਰਚਾ ਆਇਆ ਸੀ। ਉਹਨਾਂ ਕਿਹਾ ਕਿ ਉਹਨਾਂ ਵਲੋਂ ਉਸ ਸਮੇਂ ਵੀ ਇਹ ਪਾਈਪ ਲਾਈਨ ਪਾਏ ਜਾਣ ਦੌਰਾਨ ਵਰਤੀਆਂ ਜਾ ਰਹੀਆਂ ਪਾਈਪਾਂ ਦੀ ਗੁਣਵੱਤਾ ਬਾਰੇ ਚਿੰਤਾ ਜਾਹਿਰ ਕਰਦਿਆਂ ਪ੍ਰਸ਼ਾਸ਼ਨ ਨੂੰ ਲਿਖਤੀ ਰੂਪ ਵਿੱਚ ਜਾਣੂ ਕਰਵਾਇਆ ਗਿਆ ਸੀ ਕਿ ਇਹ ਪਾਈਪਾਂ ਲੋੜੀਂਦੇ ਆਈ ਐਸ ਆਈ ਮਾਪਦੰਡਾਂ ਨੂੰ ਪੂਰਾ ਨਹੀਂ ਕਰਦੀਆਂ ਸਨ ਅਤੇ ਠੇਕੇਦਾਰ ਵੱਲੋਂ ਕੀਤਾ ਜਾ ਰਿਹਾ ਕੰਮ ਟੈਂਡਰ ਦਸਤਾਵੇਜ਼ਾਂ ਵਿੱਚ ਨਿਰਧਾਰਤ ਸ਼ਰਤਾਂ ਅਤੇ ਵਿਸ਼ੇਸ਼ਤਾਵਾਂ ਦੇ ਅਨੁਸਾਰ ਨਹੀਂ ਸੀ।

ਉਹਨਾਂ ਲਿਖਿਆ ਹੈ ਕਿ ਪਿਛਲੇ ਤਿੰਨ ਸਾਲਾਂ ਦੌਰਾਨ ਇਸ ਘਟੀਆ ਕੰਮ ਦੇ ਨਤੀਜੇ ਸਾਫ਼ ਦਿਖਾਈ ਦੇਣ ਲੱਗ ਪਏ ਹਨ। ਸੀਵਰੇਜ ਪਾਈਪਲਾਈਨ ਦੇ ਜੋੜਾਂ ਤੋਂ ਲਗਾਤਾਰ ਗੰਦੇ ਪਾਣੀ ਦੇ ਲੀਕ ਹੋਣ ਕਾਰਨ ਸੜਕ ਕਈ ਥਾਵਾਂ ਤੋਂ ਧਸ ਰਹੀ ਹੈ ਅਤੇ ਉੱਥੇ ਟੋਏ ਪੈ ਗਏ ਹਨ, ਜਿਸ ਨਾਲ ਸੜਕ ਦੇ ਹੇਠਲੀ ਮਿੱਟੀ ਵਹਿ ਰਹੀ ਹੈ।

ਉਹਨਾਂ ਕਿਹਾ ਕਿ ਸੜਕ ਦੀ ਮੁਰੰਮਤ ਅਤੇ ਪੈਚ-ਵਰਕ ਤੇ ਕਥਿਤ ਤੌਰ ਤੇ 10 ਲੱਖ ਰੁਪਏ ਤੋਂ ਵੱਧ ਖਰਚ ਕਰਨ ਦੇ ਬਾਵਜੂਦ, ਸੜਕ ਦੀ ਹਾਲਤ ਬਹੁਤ ਹੀ ਖਰਾਬ ਅਤੇ ਤਰਸਯੋਗ ਬਣੀ ਹੋਈ ਹੈ। ਸੀਵਰੇਜ ਪਾਈਪਲਾਈਨ ਦੇ ਜੋੜਾਂ ਤੋਂ ਲਗਾਤਾਰ ਹੋ ਰਹੀ ਲੀਕੇਜ ਕਾਰਨ ਸੜਕ ਦੇ ਹੋਰ ਧਸਣ ਅਤੇ ਟੁੱਟਣ ਦਾ ਗੰਭੀਰ ਖਤਰਾ ਬਣਿਆ ਹੋਇਆ ਹੈ, ਜਿਸ ਨਾਲ ਕੋਈ ਵੱਡਾ ਹਾਦਸਾ ਵਾਪਰ ਸਕਦਾ ਹੈ ਜਾਂ ਜਾਨੀ ਨੁਕਸਾਨ ਹੋ ਸਕਦਾ ਹੈ।

ਉਨ੍ਹਾਂ ਇਸ ਸਬੰਧੀ ਮੇਅਰ ਅਤੇ ਡਿਪਟੀ ਕਮਿਸ਼ਨਰ ਤੋਂ ਮੰਗ ਕੀਤੀ ਕਿ ਉਹ ਸਬੰਧਤ ਚੀਫ਼ ਇੰਜੀਨੀਅਰ, ਸੁਪਰਡੈਂਟਿੰਗ ਇੰਜੀਨੀਅਰ ਅਤੇ ਐਗਜ਼ੀਕਿਊਟਿਵ ਇੰਜੀਨੀਅਰ ਨੂੰ ਪ੍ਰਭਾਵਿਤ ਸੜਕ ਦੇ ਹਿੱਸੇ ਦਾ ਤੁਰੰਤ ਅਤੇ ਬਾਰੀਕੀ ਨਾਲ ਨਿਰੀਖਣ ਕਰਨ ਦੇ ਨਿਰਦੇਸ਼ ਦੇਣ ਅਤੇ ਵਾਰ-ਵਾਰ ਅਸਥਾਈ ਮੁਰੰਮਤ ਕਰਨ ਦੀ ਬਜਾਏ, ਤੁਰੰਤ ਸੁਧਾਰਾਤਮਕ ਕਦਮ ਚੁੱਕੇ ਜਾਣ ਅਤੇ ਇਸਦਾ ਪੱਕਾ ਹੱਲ ਯਕੀਨੀ ਬਣਾਇਆ ਜਾਵੇ।

ਅਕਾਲੀ-ਭਾਜਪਾ ਗੱਠਜੋੜ ਸਿਆਸੀ ਮੌਕਾਪ੍ਰਸਤੀ ਦਾ ਸਿਖਰ : ਬਲਬੀਰ ਸਿੱਧੂ

ਐਸ.ਏ.ਐਸ. ਨਗਰ, 24 ਨਵੰਬਰ (ਪੈ.ਗਾਮ-ਏ-ਜਗਤ)

ਪੰਜਾਬ ਦੇ ਸਾਬਕਾ ਸਿਹਤ ਮੰਤਰੀ ਅਤੇ ਸੀਨੀਅਰ ਕਾਂਗਰਸੀ ਆਗੂ ਸ. ਬਲਬੀਰ ਸਿੰਘ ਸਿੱਧੂ ਨੇ ਕਿਹਾ ਹੈ ਕਿ ਸ਼੍ਰੋਮਣੀ ਅਕਾਲੀ ਦਲ (ਬਾਦਲ) ਅਤੇ ਭਾਰਤੀ ਜਨਤਾ ਪਾਰਟੀ ਵਿਚਕਾਰ ਮੁੜ ਹੋਇਆ ਗੱਠਜੋੜ ਸਿਰੇ ਦੀ ਸਿਆਸੀ ਮੌਕਾਪ੍ਰਸਤੀ ਅਤੇ ਪੰਜਾਬੀਆਂ ਨਾਲ ਵੱਡਾ ਧੋਖਾ ਹੈ।

ਇੱਥੇ ਜਾਰੀ ਇੱਕ ਬਿਆਨ ਵਿੱਚ ਉਨ੍ਹਾਂ ਕਿਹਾ ਕਿ ਆਖ਼ਰ ਬਿੱਲੀ ਥੈਲਿਓਂ ਬਾਹਰ ਆ ਗਈ ਹੈ ਅਤੇ ਪਿਛਲੇ 6 ਸਾਲਾਂ ਤੋਂ ਇੱਕ-ਦੂਜੇ ਖ਼ਿਲਾਫ਼ ਬਿਆਨਬਾਜ਼ੀ ਕਰਕੇ ਲੋਕਾਂ ਨੂੰ ਗੁੰਮਰਾਹ ਕਰਨ ਵਾਲੀਆਂ ਦੋਵਾਂ ਪਾਰਟੀਆਂ ਦਾ ਡਰਾਮਾ ਬੇਨਕਾਬ ਹੋ ਗਿਆ ਹੈ। ਸ੍ ਸਿੱਧੂ ਨੇ ਕਿਹਾ ਕਿ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਇਹ ਦੱਸਣ ਕਿ ਕੱਲ੍ਹ ਤੱਕ ਤਾਂ ਉਹ ਭਾਜਪਾ ਨੂੰ

- **ਸੁਖਬੀਰ ਬਾਦਲ ਨੇ ਕੁਰਸੀ ਖ਼ਾਤਰ 700 ਕਿਸਾਨਾਂ ਦੀਆਂ ਸ਼ਹਾਦਤਾਂ ਰੋਲੀਆਂ**



ਪੰਥ ਵਿਰੋਧੀ, ਪੰਜਾਬ ਵਿਰੋਧੀ ਅਤੇ ਸਿੱਖਾਂ ਦੀਆਂ ਸਿਰਮੌਰ ਸੰਸਥਾਵਾਂ ਸ਼੍ਰੋਮਣੀ ਕਮੇਟੀ ਅਤੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਵਿੱਚ ਦਖ਼ਲਅੰਦਾਜ਼ੀ ਕਰਨ ਵਾਲੀ ਜਮਾਤ ਦੱਸਣ ਵਾਲੇ ਸੁਖਬੀਰ ਬਾਦ